ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2534 | 24 July, 2026 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

# 7 ਆਈਏਐੱਸ ਅਫਸਰਾਂ ਦੇ ਤਬਾਦਲੇ, ਸਿੱਖਿਆ ਸਕੱਤਰ ਸਮੇ ਹੋਰਨਾਂ ਮਹਿਕਮਿਆਂ 'ਚ ਵੱਡਾ ਫੇਰਬਦਲ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੀਜੇਪੀ ਵਿਰੋਧ ਪ੍ਰਦਰਸ਼ਨ ਦੇ ਵਿਚਕਾਰ ਕੇਂਦਰ ਸਰਕਾਰ ਨੇ ਨੌਕਰਸ਼ਾਹੀ ਵਿਚ ਵੱਡਾ ਫੇਰਬਦਲ ਕੀਤਾ ਹੈ। ਸਰਕਾਰ ਨੇ ਸਕੱਤਰ ਪੱਧਰ ਦੀਆਂ 13 ਨਿਯੁਕਤੀਆਂ ਅਤੇ ਤਬਾਦਲਿਆਂ ਨੂੰ ਮਨਜ਼ੂਰੀ ਦਿੱਤੀ ਹੈ। ਵਿਨੀਤ ਜੋਸ਼ੀ ਨੂੰ ਸਿੱਖਿਆ ਮੰਤਰਾਲੇ ਤੋਂ ਹਟਾ ਕੇ ਪੰਚਾਇਤੀ ਰਾਜ ਮੰਤਰਾਲੇ ਦਾ ਸਕੱਤਰ ਬਣਾਇਆ ਗਿਆ ਹੈ, ਜਦੋਂ ਕਿ ਨਰੇਸ਼ ਪਾਲ ਗੰਗਵਾਰ ਨੂੰ ਉੱਚ ਸਿੱਖਿਆ ਵਿਭਾਗ ਦਾ ਨਵਾਂ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਆਵਾਸਨ, ਖਣਨ, ਲੇਬਰ (ਮਜ਼ਦੂਰੀ), ਉੱਤਰ-ਪੂਰਬੀ ਵਿਕਾਸ ਅਤੇ ਹੋਰ ਮੰਤਰਾਲਿਆਂ ਵਿਚ ਵੀ ਕਈ ਅਹਿਮ ਤਬਾਦਲੇ ਕੀਤੇ ਗਏ ਹਨ।ਜੰਤਰ-ਮੰਤਰ 'ਤੇ ਵਿਦਿਆਰਥੀ ਅੰਦੋਲਨ ਦੇ ਵਿਚਕਾਰ ਸਰਕਾਰ ਵੱਲੋਂ ਵੱਡਾ ਫੇਰਬਦਲ ਕੀਤਾ ਗਿਆ ਹੈ। ਕੈਬਨਿਟ ਦੀ ਨਿਯੁਕਤੀ ਕਮੇਟੀ ਨੇ ਕਈ ਮਨਜ਼ੂਰੀਆਂ ਦਿੱਤੀਆਂ ਹਨ। ਵਿਨੀਤ ਜੋਸ਼ੀ ਨੂੰ ਸਿੱਖਿਆ ਮੰਤਰਾਲੇ ਤੋਂ ਹਟਾਇਆ ਗਿਆ ਹੈ। ਵਿਨੀਤ ਜੋਸ਼ੀ ਉੱਚ ਸਿੱਖਿਆ ਵਿਭਾਗ ਵਿਚ ਸਕੱਤਰ ਸਨ। ਰਾਜਸਥਾਨ ਕੇਡਰ ਦੇ ਨਰੇਸ਼ ਪਾਲ ਗੰਗਵਾਰ ਉੱਚ ਸਿੱਖਿਆ ਵਿਭਾਗ ਦੇ ਨਵੇਂ ਸਕੱਤਰ ਹੋਣਗੇ। ਕੇਰਲ ਕੇਡਰ ਦੇ ਟੀ. ਕੇ. ਅਨਿਲ ਕੁਮਾਰ ਨੂੰ ਸਕੂਲ ਸਿੱਖਿਆ ਵਿਭਾਗ ਦਾ ਸਕੱਤਰ ਬਣਾਇਆ ਗਿਆ ਹੈ। ਇਸ ਨੂੰ ਸਿੱਖਿਆ ਮੰਤਰਾਲੇ ਦੇ ਉਚੱਲੇ ਪੱਧਰ 'ਤੇ ਵੱਡਾ ਪ੍ਰਸ਼ਾਸਨਿਕ ਫੇਰਬਦਲ ਕਿਹਾ ਜਾ ਸਕਦਾ ਹੈ।ਨਰੇਸ਼ ਪਾਲ ਗੰਗਵਾਰ 1994 ਬੈਚ ਦੇ ਆਈ.ਏ.ਐਸ. ਹਨ। ਉੱਥੇ ਹੀ, ਵਿਨੀਤ ਜੋਸ਼ੀ ਜੋ 1992 ਦੇ ਆਈ.ਏ.ਐਸ. ਹਨ, ਉਨ੍ਹਾਂ ਨੂੰ ਉੱਚ ਸਿੱਖਿਆ ਵਿਭਾਗ ਦੇ ਸਕੱਤਰ ਅਹੁਦੇ ਤੋਂ ਹਟਾ ਕੇ ਪੰਚਾਇਤੀ ਰਾਜ ਮੰਤਰਾਲੇ ਦਾ ਸਕੱਤਰ ਬਣਾਇਆ ਗਿਆ ਹੈ। 1995 ਦੇ ਆਈ.ਏ.ਐਸ. ਟੀ. ਕੇ. ਅਨਿਲ ਕੁਮਾਰ ਨੂੰ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਦਾ ਨਵਾਂ ਸਕੱਤਰ ਬਣਾਇਆ ਗਿਆ ਹੈ। ਸਿੱਖਿਆ ਮੰਤਰਾਲੇ ਦੇ ਦੋਵੇਂ ਵਿਭਾਗਾਂ ਵਿਚ ਨਵੇਂ ਸਕੱਤਰ ਆਏ ਹਨ।ਨਰੇਸ਼ ਪਾਲ ਗੰਗਵਾਰ 1994 ਬੈਚ ਦੇ



ਆਈ.ਏ.ਐਸ. ਅਧਿਕਾਰੀ ਹਨ। ਉਨ੍ਹਾਂ ਨੇ ਸਾਲ 1993 ਵਿਚ ਯੂ.ਪੀ.ਐਸ.ਸੀ. ਦੀ ਪ੍ਰੀਖਿਆ ਪਾਸ ਕੀਤੀ ਸੀ। ਰਾਜ ਸਰਕਾਰ ਵਿੱਚ ਕਈ ਅਹਿਮ ਅਹੁਦਿਆਂ ਦੀ ਜ਼ਿੰਮੇਵਾਰੀ ਸੰਭਾਲ ਚੁੱਕੇ ਹਨ। ਉਨ੍ਹਾਂ ਦਾ ਜਨਮ 21 ਅਕਤੂਬਰ 1970 ਨੂੰ ਹੋਇਆ ਸੀ। ਉਨ੍ਹਾਂ ਨੇ ਇਲੈਕਟ੍ਰਾਨਿਕਸ ਅਤੇ ਸੰਚਾਰ ਵਿਚ ਬੀ.ਟੈਕ ਕਰਨ ਤੋਂ ਬਾਅਦ ਸੰਚਾਰ ਅਤੇ ਰਾਡਾਰ ਵਿਚ ਐਮ.ਟੈਕ ਕੀਤਾ। ਨਾਲ ਹੀ ਅਰਥ ਸ਼ਾਸਤਰ ਵਿਚ ਐਮ.ਏ. ਵੀ ਕੀਤੀ ਹੈ।ਥੇ ਹੀ, ਪ੍ਰਦਰਸ਼ਨਕਾਰੀ ਵਿਦਿਆਰਥੀਆਂ ਦੀਆਂ ਮੰਗਾਂ ਨੂੰ ਲੈ ਕੇ ਕੇਂਦਰੀ ਮੰਤਰੀ ਜਿਤੇਂਦਰ ਸਿੰਘ ਨੇ ਕਿਹਾ ਕਿ ਪੀਐਮ ਮੋਦੀ ਇਸ ਮਾਮਲੇ ਨੂੰ ਲੈ ਕੇ ਖੁਦ ਸੰਵੇਦਨਸ਼ੀਲ ਹਨ। ਉਨ੍ਹਾਂ ਨੇ ਸਵੇਰੇ ਆਪਣੇ ਬਿਆਨ ਵਿਚ ਕਿਹਾ ਕਿ ਉਹ ਸਭ ਤੋਂ ਵੱਧ ਤਰਜੀਹ ਨੌਜਵਾਨਾਂ ਦੇ ਹਿੱਤਾਂ ਨੂੰ ਦਿੰਦੇ ਹਨ। ਇਸੇ ਤੋਂ ਪ੍ਰੇਰਿਤ ਹੋ ਕੇ ਉਨ੍ਹਾਂ ਨੇ ਇਹ ਫੈਸਲਾ ਲਿਆ ਕਿ ਜਿੰਨੇ ਵੀ ਪੇਪਰ ਲੀਕ ਦੇ ਦੋਸ਼ੀ ਪਾਏ ਜਾਣਗੇ, ਉਨ੍ਹਾਂ ਨੂੰ ਫਾਸਟ ਟ੍ਰੈਕ ਰਾਹੀਂ ਸਜ਼ਾ ਦਿੱਤੀ ਜਾਵੇਗੀ ਤਾਂ ਜੋ ਜਲਦੀ ਫੈਸਲਾ ਹੋ ਸਕੇ।ਉਨ੍ਹਾਂ ਅਪੀਲ ਕਰਦਿਆਂ ਕਿਹਾ, 'ਮੈਂ ਇੱਕ ਵਾਰ ਫਿਰ ਬਹੁਤ ਨਿਮਰਤਾ ਨਾਲ ਤੁਹਾਨੂੰ ਅਪੀਲ ਕਰਦਾ ਹਾਂ ਕਿ ਆਓ, ਬੈਠੋ, ਚਰਚਾ ਕਰੋ ਅਤੇ ਇਸ ਮੁੱਦੇ 'ਤੇ ਇਮਾਨਦਾਰੀ ਨਾਲ ਇੱਕ ਰਾਹ ਲੱਭੋ।'

# ਸੋਨਮ ਵਾਂਗਚੁਕ ਨੇ 26 ਦਿਨਾਂ ਬਾਅਦ ਤੋੜਿਆ ਅਨਸ਼ਨ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੇ ਵੀਰਵਾਰ ਦੀ ਦੇਰ ਰਾਤ 26 ਦਿਨਾਂ ਤੋਂ ਜਾਰੀ ਅਨਸ਼ਨ ਤੋੜ ਦਿੱਤਾ। ਸੋਨਮ ਵਾਂਗਚੁਕ ਨੇ ਅਨਸ਼ਨ ਤੋੜਨ ਦਾ ਫੈਸਲਾ ਕੇਂਦਰੀ ਮੰਤਰੀ ਜੇ. ਪੀ. ਨੱਡਾ ਅਤੇ ਕੇਂਦਰੀ ਰਾਜ ਮੰਤਰੀ ਜਿਤੇਂਦਰ ਸਿੰਘ ਨਾਲ ਮੁਲਾਕਾਤ ਤੋਂ ਬਾਅਦ ਲਿਆ। ਹੁਣ ਉਨ੍ਹਾਂ ਦੀ ਪਹਿਲੀ ਪ੍ਰਤੀਕਿਰਿਆ ਆਈ ਹੈ। ਇਸ ਵਿਚ ਉਨ੍ਹਾਂ ਅਨਸ਼ਨ ਖ਼ਤਮ ਕਰਨ ਦੀ ਵਜ੍ਹਾ ਦੱਸੀ ਹੈ।ਸੀਜੇਪੀ ਵਿਰੋਧ ਪ੍ਰਦਰਸ਼ਨ ਦੇ ਦੌਰਾਨ ਕਾਰਕੁਨ ਸੋਨਮ ਵਾਂਗਚੁਕ ਨੇ ਆਪਣਾ ਅਨਸ਼ਨ ਤੋੜ ਦਿੱਤਾ। ਸੋਨਮ ਵਾਂਗਚੁਕ ਨੇ ਵੀਰਵਾਰ ਰਾਤ ਨੂੰ 26 ਦਿਨਾਂ ਬਾਅਦ ਆਪਣੀ ਭੁੱਖ ਹੜਤਾਲ ਖ਼ਤਮ ਕਰ ਦਿੱਤੀ। ਸੋਨਮ ਵਾਂਗਚੁਕ ਨੇ ਵੀਰਵਾਰ ਅੱਧੀ ਰਾਤ ਤੋਂ ਬਾਅਦ ਹਰਿਆਣਾ ਦੇ ਗੁਰੂਗ੍ਰਾਮ ਸਥਿਤ ਮੇਦਾਂਤਾ ਹਸਪਤਾਲ ਵਿਚ ਆਪਣਾ ਅਨਸ਼ਨ ਤੋੜਿਆ। ਕੇਂਦਰੀ ਮੰਤਰੀ ਜੇ. ਪੀ. ਨੱਡਾ ਅਤੇ ਜਿਤੇਂਦਰ ਸਿੰਘ ਖੁਦ ਹਸਪਤਾਲ ਗਏ, ਉਨ੍ਹਾਂ ਨੂੰ ਮਨਾਇਆ, ਤਦ ਜਾ ਕੇ ਸੋਨਮ ਵਾਂਗਚੁਕ ਨੇ ਆਪਣਾ ਅਨਸ਼ਨ ਤੋੜਿਆ। ਹੁਣ ਸਵਾਲ ਹੈ ਕਿ ਆਖ਼ਿਰ ਸੋਨਮ ਵਾਂਗਚੁਕ ਨੇ ਆਪਣਾ ਅਨਸ਼ਨ ਕਿਉਂ ਤੋੜਿਆ? ਤਾਂ ਇਸ ਦਾ ਜਵਾਬ ਵੀ ਉਨ੍ਹਾਂ ਨੇ ਖੁਦ ਦੇ ਦਿੱਤਾ ਹੈ।ਅਨਸ਼ਨ ਖ਼ਤਮ ਕਰਨ ਤੋਂ ਬਾਅਦ ਸੋਨਮ ਵਾਂਗਚੁਕ ਨੇ ਆਪਣੀ ਪਹਿਲੀ ਪ੍ਰਤੀਕਿਰਿਆ ਦਿੱਤੀ। ਅਨਸ਼ਨ ਖ਼ਤਮ ਕਰਨ ਤੋਂ ਬਾਅਦ ਸੋਨਮ ਵਾਂਗਚੁਕ ਨੇ ਐਕਸ (ਪਹਿਲਾਂ ਟਵਿਟਰ) 'ਤੇ ਆਪਣਾ ਪਹਿਲਾ ਸੰਦੇਸ਼ ਸਾਂਝਾ ਕੀਤਾ। ਉਨ੍ਹਾਂ ਹਸਪਤਾਲ ਦੇ ਮੰਜੇ 'ਤੋਂ ਜੇ.ਪੀ ਨੱਡਾ, ਜਿਤੇਂਦਰ ਸਿੰਘ ਅਤੇ ਹੋਰ ਨੇਤਾਵਾਂ ਨਾਲ ਇਕ ਤਸਵੀਰ ਵੀ ਪੋਸਟ ਕੀਤੀ। ਇਸ ਪੋਸਟ ਵਿਚ ਸੋਨਮ ਵਾਂਗਚੁਕ ਨੇ ਲਿਖਿਆ, 'ਹੁਣੇ-ਹੁਣੇ ਕੇਂਦਰੀ ਮੰਤਰੀ ਜੇ.ਪੀ ਨੱਡਾ ਅਤੇ ਡਾ.ਜਿਤੇਂਦਰ ਸਿੰਘ ਅਤੇ ਲੇਹ-ਲੱਦਾਖ ਦੀ ਏਪੈਕਸ ਬਾਡੀ ਦੇ ਸੀਨੀਅਰ ਨੇਤਾਵਾਂ ਦੀ ਮੌਜੂਦਗੀ ਵਿਚ ਮੈਂ ਆਖ਼ਿਰਕਾਰ 26 ਦਿਨਾਂ ਬਾਅਦ ਆਪਣਾ ਅਨਸ਼ਨ ਤੋੜਿਆ।

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**




# NAV INDIAN MERCHANDISE GROCERY STORE

**3230 MITCHELL ROAD, STE, C, CERES, CA 95307**





ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**





Ria MONEY TRANSFER

**INDIA ਪੈਸੇ ਭੇਜਣ ਲਈ**

**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**

**Contact Number**

# +1 (209) 537-5702

ਸਾਂਝੀ ਸੋਚ
SANJHI SOCH
www.sanjhisoch.com
**PATTRON**: HARJIT BASI
**MANAGEMENT**



**PRESIDENT & CHIEF EDITOR**
**BOOTA SINGH BASI**

**SUB EDITOR (CHICAGO, IL OFFICE)**
**LOVJYOT VIRDI**

**GENERAL MANAGER**
**RAVINDER SINGH DHILLON**

**RESIDENT EDITOR (INDIA)**
**DR. RAJINDER RIKHI**

**DISCLAIMER**

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

**SANJHI SOCH**
DAILY NEWSPAPER

2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਭਾਰਤੀ ਜਨਤਾ ਪਾਰਟੀ ਸਰਕਾਰ ਨੇ ਸ.ਜਸਵੰਤ ਸਿੰਘ ਖਾਲੜਾ ਸਬੰਧੀ ਬਣੀ ਫਿਲਮ "ਸਤਲੁਜ" ਤੇ ਪਾਬੰਦੀ ਲਗਾ ਕੇ ਆਪਣਾ ਪੰਜਾਬ ਤੇ ਸਿੱਖ ਵਿਰੋਧੀ ਚਿਹਰਾ ਨੰਗਾ ਕੀਤਾ




ਸੰਸਾਰ ਭਰ ਦੇ ਲੋਕ ਵਿਸ਼ੇਸ਼ ਕਰਕੇ ਸਿੱਖ ਤੇ ਪੰਜਾਬੀ ਭਲੀ ਭਾਂਤ ਭਾਰਤੀ ਜੰਨਤਾ ਪਾਰਟੀ ਜਿਹੜੀ ਕਈ ਰੰਗ ਵਟਾ ਕੇ ਹੋਂਦ ਵਿੱਚ ਆਈ ਹੈ। ਇਸ ਦੇ ਚਿਹਰੇ ਮੋਹਰੇ ਤੋਂ ਸੰਸਾਰ ਭਰ ਵਿੱਚ ਵਸਣ ਵਾਲੇ ਪੰਜਾਬੀ ਭਲੀ ਭਾਂਤ ਜਾਗਰੂਕ ਹੁਣ ਵੀ ਹਨ ਅਤੇ ਪਹਿਲਾਂ ਤੋਂ ਵੀ ਜਾਣੂ ਸਨ! ਪਿਛਲੇ ਕੁਝ ਸਮੇਂ ਤੋਂ ਸਿਰਾਂ ਵਿੱਚ ਪੱਗਾਂ ਫਸਾਈ ਸਿੱਖ ਪਤਾ ਨਹੀਂ ਕਿਸ ਸੋਚ ਨਾਲ ਸਿਖਰਾਂ ਦੀ ਕੱਟੜ ਹਿੰਦੂਆਂ ਦੀ ਇਸ ਪਾਰਟੀ ਵਿੱਚ ਧੜਾ ਧੜ ਸ਼ਾਮਲ ਹੋ ਰਹੇ ਹਨ ।ਕੀ ਉਨਾਂ ਦੇ ਦਿਮਾਗ ਵੀ ਪੰਜਾਬ ਦੀ ਭਾਰਤੀ ਜੰਨਤਾ ਪਾਰਟੀ ਦੇ ਪ੍ਰਧਾਨ ਸ੍ਰ ਕੇਵਲ ਸਿੰਘ ਢਿਲੋਂ ਤੇ ਅੰਮ੍ਰਿਤਸਰ ਦੇ ਭਾਜਪਾ ਦੇ ਹੀ ਸਿਰਕੱਢ ਆਗੂ ਡਾ ਜਗਮੋਹਨ ਸਿੰਘ ਰਾਜੂ ਵਾਂਗ ਜਾਗਣਗੇ ! ਇਨਾਂ ਦੋਹਾਂ ਆਗੂਆਂ ਨੇ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਸ੍ਰ ਦਲਜੀਤ ਸਿੰਘ ਦੁਸਾਂਝ ਦੀ ਸ੍ਰ ਜਸਵੰਤ ਸਿੰਘ ਖਾਲੜ੍ਹਾ ਦੇ ਜੀਵਨ ਸਬੰਧੀ ਬਣਾਈ ਪਿਕਚਰ "ਸਤਲੁਜ" ਨੂੰ ਲੋਕਾਂ ਵਿੱਚ ਦਿਖਾਉਣ ਤੇ ਮੁਕੰਮਲ ਤੌਰ ਤੇ ਪਾਬੰਦੀ ਲਗਾ ਦਿੱਤੀ ਹੈ ਦਾ ਵਿਰੋਧ ਕਰਦਿਆਂ ਇਸ ਲਗਾਏ ਬੈਨ ਨੂੰ ਹਟਾਉਣ ਦੀ ਜੋਰਦਾਰ ਮੰਗ ਕੀਤੀ ਹੈ ।ਨਿਗਰ ਸੋਚ ਦੇ ਪੰਜਾਬੀਆਂ ਦਾ ਵੀ ਖਿਆਲ ਹੈ ਕਿ ਜੇਕਰ ਭਾਜਪਾ ਵਿੱਚ ਸ਼ਾਮਲ ਹੋਏ ਦੂਸਰੇ ਸਿੱਖ ਆਗੂ ਜਿਨਾਂ ਵਿੱਚ ਜਰਾ ਜਿਨੀ ਵੀ ਗੈਰਤ ਜੇ ਬਚੀ ਹੈ ਉਹ ਵੀ ਭਾਜਪਾ ਦੀ ਸਰਕਾਰ ਵਲੋਂ ਕੀਤੀ ਇਸ ਕਮੀਨੀ ਹਰਕਤ ਦਾ ਵਿਰੋਧ ਕਰਨਗੇ ਜਾਂ ਕਿ ਸੁਸਰੀ ਵਾਂਗ ਸਿਰ ਸੁੱਟੀ ਆਪਣੀ 'ਪੰਜਾਬੀ ਗੈਰਤ' ਨੂੰ ਮਾਰ ਕੇ ਭਾਜਪਾ ਵਿੱਚ ਫਿਰ ਵੀ ਬੈਠੇ ਰਹਿਣਗੇ! ਮਸ਼ਹੂਰ ਫਿਲਮੀ ਕਲਾਕਾਰ ਸ੍ਰ ਦਲਜੀਤ ਸਿੰਘ ਦੁਸਾਂਝ ਨੇ ਸਵਰਗਵਾਸੀ ਸ੍ਰ ਜਸਵੰਤ ਸਿੰਘ ਖਾਲੜ੍ਹਾ ਜਿਹੜੇ ਕਿ ਸਰਕਾਰ ਦੇ ਅਰਧ ਸਰਕਾਰੀ ਵਿਭਾਗ ਵਿੱਚ ਉੱਚ ਅਹੁੱਦੇ ਤੇ ਤਾਇਨਾਤ ਸਨ ਦੇ ਇਨਕਲਾਬੀ ਜੀਵਨ ਜਿਸ ਨੇ ਪੰਜਾਬ ਦੇ 1984 ਤੋਂ 1995 ਤਕ ਦੇ ਦਸ ਸਾਲਾਂ ਦੇ ਕਾਲੇ ਦੌਰ ਜਿਸ ਦੌਰਾਨ ਕਾਂਗਰਸ ਪਾਰਟੀ ਦਾ ਰਾਜ ਮੁੱਖ ਮੰਤਰੀ ਸ੍ਰ ਬੇਅੰਤ ਸਿੰਘ ਦਾ ਸੀ । ਇਸ ਦੌਰਾਨ ਪੰਜਾਬ ਦੇ ਸਰਹੱਦੀ ਪਿੰਡਾਂ ਦੇ 25 ਹਜਾਰ ਬੇਦੋਸ਼ੇ ਸਿੱਖ ਨੌਜੁਆਨ 'ਖਾੜਕੂਆਂ' ਦੇ ਨਾਂ ਤੇ ਬਿਆਨੀ ਲਹਿਰ ਦੌਰਾਨ ਪੰਜਾਬ ਦੀ ਪੁਲੀਸ ਨੇ ਘਰੋਂ ਚੁੱਕ ਚੁੱਕ ਕੇ ਉਨਾਂ ਦੇ ਝੂਠੇ ਪੁਲੀਸ ਮੁਕਾਬਲੇ ਦੱਸ ਕੇ ਗੋਲੀਆਂ ਦਾ ਸ਼ਿਕਾਰ ਬਣਾ ਦਿੱਤੇ ਗਏ ਸਨ ।ਅਸਲ ਵਿੱਚ 1984 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਜਿਸ ਦੀ ਅਗਵਾਈ ਭਾਰਤ ਦੀ ਪ੍ਰਧਾਨ ਮੰਤਰੀ ਸ੍ਰੀ ਮਤੀ ਇੰਦਰਾ ਗਾਂਧੀ ਸਨ।

ਇਨਾਂ ਨੂੰ ਮੌਜੂਦਾ ਦੇਸ਼ ਵਿੱਚ ਰਾਜ ਕਰ ਰਹੀ ਭਾਰਤੀ ਜੰਨਤਾ ਪਾਰਟੀ ਦੇ ਆਗੂ ਸ੍ਰੀ ਲਾਲ ਕ੍ਰਿਸ਼ਨ ਅਡਵਾਨੀ ਜਿਹੜੇ ਕਿ ਭਾਰਤ ਦੇ ਉੱਪ ਪ੍ਰਧਾਨ ਮੰਤਰੀ ਦੇ ਅਹੁੱਦੇ ਤੇ ਵੀ ਬਿਰਾਜਮਾਨ ਰਹਿ ਚੁਕੇ ਹਨ ਨੇ ਸ੍ਰੀ ਮਤੀ ਇੰਦਰਾ ਗਾਂਧੀ ਜਿਹੜੇ ਸ੍ਰੀ ਦਰਬਾਰ ਸਾਹਿਬ ਤੇ ਕਦੇ ਵੀ ਹਮਲਾ ਨਹੀਂ ਸਨ ਕਰਨਾ ਚਾਹੁੰਦੇ ਨੂੰ ਉਕਸਾਅ ਕੇ ਸਿੱਖਾਂ ਦੇ ਮੱਕੇ ਦੇ ਤੌਰਤੇ ਜਾਣੇ ਜਾਂਦੇ 'ਸ੍ਰੀ ਦਰਬਾਰ ਸਾਹਿਬ ਸ੍ਰੀ ਹਰਿਮੰਦਰ ਸਾਹਿਬ' ਤੇ ਭਾਰਤੀ ਫੌਜ ਦੇ ਟੈਂਕਾਂ ਤੇ ਤੋਪਾਂ ਨਾਲ ਹਮਲਾ ਕਰਕੇ ਹਜਾਰਾਂ ਦੀ ਗਿਣਤੀ ਵਿੱਚ ਸਿੱਖ ਜਿਹੜੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਸ੍ਰੀ ਹਰਿਮੰਦਰ ਸਾਹਿਬ ਆਏ ਹੋਏ ਸਨ ਨੂੰ ਉਨਾਂ ਨੂੰ ਗੁਰਦੁਆਰੇ ਅੰਦਰ ਡੱਕ ਕੇ ਕੋਹ ਕੋਹ ਕੇ ਮਾਰਿਆ ਗਿਆ ਸੀ ਜਿਨਾਂ ਵਿੱਚ ਨੌਜੁਆਨਾਂ ,ਇਸਤਰੀਆਂ, ਬਜੁਰਗਾਂ ਤੋਂ ਇਲਾਵਾ ਦੁੱਧ ਚੁੰਗਦੇ ਮਾਵਾਂ ਦੇ ਅਣਗਿਣਤ ਪੁੱਤਰ ਤੇ ਧੀਆਂ ਵੀ ਸ਼ਾਮਲ ਸਨ। ਕੇਂਦਰ ਦੀ ਸਰਕਾਰ ਦੇ ਇਸ ਸਿੱਖ ਤੇ ਪੰਜਾਬ ਵਿਰੋਧੀ ਰਵਈਏ ਪ੍ਰਤੀ ਪੰਜਾਬ ਦੇ ਲੋਕਾਂ ਵਿੱਚ ਬੜਾ ਰੋਹ ਸੀ ।ਇਸ ਦਾ ਇਨਸਾਫ ਲੈਣ ਲਈ ਕੁਝ ਸਿੱਖ ਜਥੇਬੰਦੀਆਂ ਵਲੋਂ 'ਇਨਸਾਫ ਲਹਿਰ' ਸ਼ੁਰੂ ਕੀਤੀ ਗਈ ਸੀ। ਇਸ ਲਹਿਰ ਨੂੰ ਕੁਚਲਣ ਦੀ ਆੜ੍ਹ ਵਿੱਚ ਉਸ ਵੇਲੇ ਦੀ ਸ੍ਰ ਬੇਅੰਤ ਸਿੰਘ ਮੁੱਖ ਮੰਤਰੀ ਦੀ ਅਗਵਾਈ ਵਿੱਚ ਚੱਲ ਰਹੀ ਕਾਂਗਰਸ ਸਰਕਾਰ ਨੇ ਪੰਜਾਬ ਦਾ ਗਵਰਨਰ ਸ੍ਰੀ ਰੀਬੇਰਓ ਨੂੰ ਤੇ ਪੁਲੀਸ ਦਾ ਡਾਇਰੈਕਟਰ ਜਨਰਲ ਸ੍ਰੀ ਕੇ ਪੀ ਐਸ ਗਿੱਲ ਨੂੰ ਬਣਾਇਆ ਗਿਆ ਸੀ । ਪੁਲੀਸ ਅਧਿਕਾਰੀ ਸ੍ਰੀ ਕੇ ਪੀ ਐਸ ਗਿੱਲ ਦੀ ਅਗਵਾਈ ਵਿੱਚ ਇੰਨੀ ਵੱਡੀ ਗਿਣਤੀ ਵਿੱਚ ਪੰਜਾਬ ਵਿੱਚ ਬੇਦੋਸ਼ੇ ਸਿੱਖ ਨੌਜੁਆਨਾਂ ਦਾ ਘਾਣ ਕੀਤਾ ਗਿਆ ਕਿ ਦੋ ਦਹਾਕਿਆਂ ਤਕ ਸਰਹੱਦੀ ਪਿੰਡਾਂ ਵਿੱਚ ਬਰਾਤਾਂ ਨਹੀਂ ਸਨ ਢੁੱਕ ਸਕੀਆਂ ।ਇਹ ਵੀ ਦਸਿਆ ਜਾਂਦਾ ਹੈ ਕਿ ਸਰਕਾਰ ਵਲੋਂ ਬੜੀ ਸਾਜਿਸ਼ ਅਧੀਨ ਪੁਲੀਸ ਦੀਆਂ 'ਕਾਲੀਆਂ ਬਿੱਲੀਆਂ' ਉਸ 'ਇਨਸਾਫ ਲਹਿਰ' ਵਿੱਚ ਵਾੜੀਆਂ ਗਈਆਂ ਸਨ ।ਜਿਨਾਂ ਨੇ ਬੱਸਾਂ ਵਿੱਚੋਂ ਲਾਹ ਲਾਹ ਕੇ ਬੇਦੋਸ਼ੇ ਹਿੰਦੂਆਂ ਨੂੰ ਮਾਰਿਆ ਆਦਿ ਵਰਗੇ ਕਈ ਹੋਰ ਅਜਿਹੇ ਘਿਣਾਉਣੇ ਕੰਮ ਕੀਤੇ ਤਾਂ ਕਿ ਇਨਸਾਫ ਲਹਿਰ ਪ੍ਰਤੀ ਪੰਜਾਬ ਦੇ ਲੋਕਾਂ ਵਿੱਚ ਨਫਰਤ ਭਰੀ ਜਾ ਸਕੇ ।ਜਿਸ ਵਿੱਚ ਉਹ ਕਾਫੀ ਹੱਦ ਤਕ ਸਫਲ ਵੀ ਹੋਏ ਸਨ। ਇਸ ਦਾ ਪ੍ਰਗਟਾਵਾ ਉਸ ਸਮੇਂ ਦੇ ਗਵਰਨਰ ਸ੍ਰੀ ਰਿਬੇਰਓ ਨੇ ਆਪਣੀ ਪੰਜਾਬ ਪ੍ਰਤੀ ਲਿੱਖੀ ਪੁਸਤਕ ਵਿੱਚ ਵੀ ਕੀਤਾ ਹੋਇਆ ਹੈ ।ਸ਼੍ਰੋਮਣੀ ਅਕਾਲੀ ਦੱਲ ਨੇ ਕਾਂਗਰਸ ਦੀ ਸਰਕਾਰ ਵੇਲੇ ਹਜਾਰਾਂ ਦੀ ਗਿਣਤੀ ਵਿੱਚ ਪੁਲੀਸ ਵਲੋਂ ਮਾਰੇ ਬੇਦੋਸ਼ੇ ਸਿੱਖ ਨੌਜੁਆਨਾਂ ਜਿਨਾਂ ਦੇ ਝੂਠੇ ਪੁਲੀਸ ਮੁਕਾਬਲੇ ਬਣਾ ਕੇ ਪਹਿਲਾਂ ਮਾਰਿਆ ਗਿਆ ਅਤੇ ਫਿਰ ਲਾਵਾਰਸ ਲਾਸ਼ਾਂ ਦੱਸ ਕੇ ਸ਼ਮਸ਼ਾਣਘਾਟਾਂ ਵਿੱਚ ਸਾੜਣ ਦੇ ਜੁਲਮ ਨੂੰ ਵਾਚਣ ਲਈ ਇਕ ਸੰਸਥਾ 'ਮਨੁੱਖੀ ਅਧਿਕਾਰ ਕਮੇਟੀ' ਬਣਾਈ ਸੀ ਜਿਸ ਦੇ ਸਿਰਕੱਢ ਆਗੂ ਸ੍ਰ ਜਸਵੰਤ ਸਿੰਘ ਖਾਲੜ੍ਹਾ ਨੂੰ ਬਣਾਇਆ ਗਿਆ।

ਸ੍ਰ ਜਸਵੰਤ ਸਿੰਘ ਖਾਲੜ੍ਹਾ ਨੇ ਇਕੱਲੇ ਸ੍ਰੀ ਅੰਮ੍ਰਿਤਸਰ ਸ਼ਹਿਰ ਦੇ ਤਿੰਨ ਸ਼ਮਸ਼ਾਣਘਾਟਾਂ ਤੋਂ ਲਾਵਾਰਸ ਲਾਸ਼ਾਂ ਸਾੜ੍ਹਣ ਦੇ ਅੰਕੜ੍ਹੇ ਇਕਠੇ ਕੀਤੇ ਜਿਹੜੇ ਢਾਈ ਹਜਾਰ ਦੇ ਲਗਭਗ ਸਨ। ਜਿਨਾਂ ਦੀ ਗਿਣਤੀ ਸਾਰੇ ਪੰਜਾਬ ਦੇ ਸ਼ਮਸ਼ਾਣਘਾਟਾਂ ਵਿੱਚਲੀ 25 ਹਜਾਰ ਤੋਂ ਵਧੇਰੇ ਸਿੱਖ ਨੌਜੁਆਨਾਂ ਨੂੰ ਲਾਵਾਰਸ ਦੱਸ ਕੇ ਸਾੜੇ ਜਾਣ ਦੀ ਹੋ ਗਈ ਸੀ। ਦੁੱਖ ਦੀ ਗੱਲ ਹੋਰ ਇਹ ਵੀ ਸੀ ਕਿ ਸਿੱਖ ਪੁਲੀਸ ਵਾਲਿਆਂ ਨੇ ਇਨਾਮ ਲੈਣ ਤੇ ਤੱਰਕੀਆਂ ਹਾਸਲ ਕਰਨ ਦੇ ਲਾਲਚਵੱਸ ਸਾਰੇ ਮਨੁੱਖੀ ਅਸੂਲਾਂ ਨੂੰ ਛਿੱਕੇ ਟੰਗ ਕੇ ਸਿੱਖ ਨੌਜੁਆਨਾਂ ਨੂੰ ਅਤਿ ਦੇ ਤਸੀਹੇ ਦੇ ਕੇ ਮਾਰਨ ਦਾ ਕੰਮ ਕੀਤਾ।

ਮਨੁੱਖੀ ਅਧਿਕਾਰ ਕਮੇਟੀ ਦੇ ਇਸ ਆਗੂ ਸ੍ਰ ਜਸਵੰਤ ਸਿੰਘ ਖਾਲੜ੍ਹਾ ਦੀ ਜਦੋਂ ਦੇਸ਼ ਤੇ ਪ੍ਰਾਂਤ ਦੀ ਸਰਕਾਰ ਨੇ ਉਨਾਂ ਦੀ ਕੋਈ ਗੱਲ ਨਾ ਸੁਣੀ ਤਾਂ ਉਨਾਂ ਨੂੰ ਮਜਬੂਰ ਹੋ ਕੇ ਵਿਦੇਸ਼ਾਂ ਵਿੱਚ ਕਨੇਡਾ ਆਦਿ ਕਈ ਦੇਸ਼ਾ ਵਿਖੇ ਜਾ ਕੇ ਪੰਜਾਬ ਵਿੱਚ ਮਨੁੱਖੀ ਹੱਕਾਂ ਤੇ ਮੌਕੇ ਦੀਆਂ ਸਰਕਾਰਾਂ ਵਲੋਂ ਪਾਏ ਡਾਕੇ ਦੀ ਅਵਾਜ ਨੂੰ ਬੁਲੰਦ ਕੀਤਾ ।ਜਿਸ ਨਾਲ ਦੇਸ਼ ਤੇ ਪੰਜਾਬ ਦੀਆਂ ਦੋਹਾਂ ਸਰਕਾਰ ਦੇ ਵਕਾਰ ਨੂੰ ਜਬਰਦਸਤ ਢਾਹ ਲਗੀ। ਇਹੋ ਮੁੱਖ ਕਾਰਨ ਬਣਿਆ ਕਿ ਸ੍ਰ ਜਸਵੰਤ ਸਿੰਘ ਖਾਲੜ੍ਹਾ ਸਰਕਾਰਾਂ ਦੇ ਅੱਖੀਂ ਰੜਕਣ ਲੱਗ ਪਏ ਸਨ। ਪੰਜਾਬ ਦੀ ਪੁਲੀਸ ਨੇ ਕਿਸ ਤਰ੍ਹਾਂ ਉਨਾਂ ਨੂੰ ਹਵਾਲਾਤ ਵਿੱਚ ਕਾਫੀ ਸਮਾਂ ਡੱਕਣ ਉਪਰੰਤ ਤਸੀਹੇ ਦੇ ਦੇ ਕੋਹ ਕੋਹ ਕੇ ਮਾਰਿਆ ਕਿ ਇਸ ਨੂੰ ਲਿਖਣ ਲਗਿਆਂ ਇਸ ਲੇਖ ਦੇ ਲੇਖਕ ਦੇ ਹੱਥ ਵੀ ਕੰਬਣ ਲਗ ਜਾਂਦੇ ਹਨ। ਕਾਂਗਰਸ ਪਾਰਟੀ ਦੇ ਇਸ ਕਾਲੇ ਦੌਰ ਉਪਰੰਤ ਪੰਜਾਬ ਵਿੱਚ ਹੋਈਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦੱਲ ਦੀ ਸਰਕਾਰ ਸ੍ਰ ਪਰਕਾਸ਼ ਸਿੰਘ ਬਾਦਲ ਦੀ ਅਗਵਾਈ ਵਿੱਚ ਬਣੀ ।ਇਨਾਂ ਨੇ ਵੀ ਚੋਣਾਂ ਤੋਂ ਪਹਿਲਾਂ ਆਪਣੇ ਚੋਣ ਮੈਨੀਫੈਸਟੋ ਵਿੱਚ ਇਨਸਾਫ ਦਿੱਤੇ ਜਾਣ ਦੀਆਂ ਫੜਾਂ ਮਾਰੀਆਂ ਕਿ ਸਾਡੀ ਸਰਕਾਰ ਬਣਨ ਤੇ ਸ੍ਰ ਜਸਵੰਤ ਸਿੰਘ ਖਾਲੜ੍ਹਾ ਨੂੰ ਕੋਹ ਕੋਹ ਕੇ ਮਾਰਨ ਅਤੇ ਲਾਵਾਰਸ ਲਾਸ਼ਾਂ ਕਹਿ ਕੇ ਸਾੜਣ ਸਬੰਧੀ ਇਕ ਕਮਿਸ਼ਨ ਬਣਾਇਆ ਜਾਵੇਗਾ। ਜੋ ਪੰਜਾਬ ਦੀ ਜੰਨਤਾ ਸਾਹਮਣੇ ਕਾਲੇ ਦੌਰ ਵਿੱਚ ਹੋਏ ਸਿੱਖ ਨੌਜੁਆਨਾਂ ਤੇ ਹੋਏ ਜੁਲਮਾਂ ਦਾ ਪਤਾ ਲਗਾਏਗਾ।

ਇਸ ਦੇ ਦੋਸ਼ੀ ਪੁਲੀਸ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ ।ਜਿਸ ਦਾ ਭੇਦ ਸ੍ਰ ਜਸਵੰਤ ਸਿੰਘ ਖਾਲੜ੍ਹਾ ਦੀ ਪਤਨੀ ਬੀਬੀ ਪਰਮਜੀਤ ਕੌਰ ਖਾਲੜ੍ਹਾ ਅੱਜ ਕਲ ਉਧੇੜਦੀ ਹੋਈ ਦਸਦੀ ਹੈ ਕਿ ਉਹ ਕਈ ਵਾਰ ਉਸ ਵੇਲੇ ਦੇ ਮੁੱਖ ਮੰਤਰੀ ਸ੍ਰ ਪਰਕਾਸ਼ ਸਿੰਘ ਬਾਦਲ ਨੂੰ ਮਿਲੇ ਸਨ ਲੇਕਿਨ ਸ੍ਰ ਬਾਦਲ ਹਰ ਵਾਰ ਕਮਿਸ਼ਨ ਬਣਾਉਣ ਤੋਂ ਟਾਲਾ ਵੱਟਦੇ ਮੈਨੂੰ ਇਹ ਹੀ ਕਹਿੰਦੇ ਰਹੇ ਕਿ "ਬੀਬੀ ਆਪਣੇ ਬੱਚੇ ਪਾਲੋ"। ਇਹ ਸਭ ਕੁਝ ਭਾਜਪਾ ਦੇ ਦਬਾਅ ਹੇਠ ਕੀਤਾ ਜਾਂਦਾ ਰਿਹਾ ।ਉਂਝ ਵੀ ਸ੍ਰ ਪਰਕਾਸ਼ ਸਿੰਘ ਬਾਦਲ ਤੇ ਇਹ ਦੋਸ਼ ਵੀ ਲਗਦੇ ਰਹੇ ਹਨ ਕਿ ਬਾਦਲ ਸਾਹਿਬ ਦਿਨੇ ਤਾਂ ਪੁਲੀਸ ਵਲੋਂ ਪੰਜਾਬ ਵਿੱਚ ਮਾਰੇ ਗਏ ਬੇਦੋਸ਼ੇ ਨੌਜੁਆਨਾਂ ਦੇ ਭੋਗਾਂ ਵਿੱਚ ਉਨਾਂ ਦੇ ਪਿੰਡ ਪਿੰਡ ਸ਼ਾਮਲ ਹੁੰਦੇ ਸਨ ਤੇ ਰਾਤ ਨੂੰ ਉਸੇ ਸਿੱਖ ਨੌਜੁਆਨਾਂ ਦੇ ਕਾਤਲ ਪੁਲੀਸ ਮੁੱਖੀ ਸ੍ਰੀ ਕੇ ਪੀ ਐਸ ਗਿੱਲ ਨਾਲ ਵਿਉਂਤਾਂ ਘੜ੍ਹਦੇ ਸਨ ਕਿ ਕਿਹੜੇ ਕਿਹੜੇ ਸਿੱਖ ਨੌਜੁਆਨਾਂ ਨੂੰ ਅਗੋਂ ਮਾਰਨਾ ਹੈ।

ਅਸਲ ਵਿੱਚ ਜਦੋਂ 'ਚੋਰ ਤੇ ਕੁੱਤੀ' ਆਪਸ ਵਿੱਚ ਰੱਲ ਜਾਣ ਤਾਂ ਫਿਰ ਉਸ ਕੌਮ ਦਾ ਰੱਬ ਹੀ ਰਾਖਾ ਹੁੰਦਾ ਹੈ ਇਹ ਕੁਝ ਵਾਪਰਿਆ ਹੈ ਸਿੱਖ ਕੌਮ ਨਾਲ! ਸਿੱਖ ਜਗਤ ਪਿਛਲੇ ਕਾਫੀ ਸਮੇਂ ਤੋਂ ਵਾਂਝਾ ਸੀ ਇਸ ਲੂੰ ਖੜ੍ਹੇ ਕਰਨ ਵਾਲੇ ਇਤਿਹਾਸ ਤੋਂ ਜਾਣੂ ਹੋਣ ਲਈ! ਜਿਸ ਦਾ ਬਹੁਤ ਹੀ ਵਧੀਆ ਉਪਰਾਲਾ ਸ੍ਰ ਦਲਜੀਤ ਸਿੰਘ ਦੁਸਾਂਝ ਨੇ ਸ੍ਰ ਜਸਵੰਤ ਸਿੰਘ ਖਾਲੜ੍ਹਾ ਦੇ ਜੀਵਨ ਤੇ ਇਸ ਪਿਕਚਰ "ਸਤਲੁੱਜ" ਰਾਹੀਂ ਬਣਾ ਕੇ ਪੰਜਾਬ ਦਾ ਲਹੂ ਭਿੱਜਾ ਇਤਿਹਾਸ ਜਾਣੂ ਕਰਾਉਣ ਦਾ ਯਤਨ ਕੀਤਾ ਹੈ ।ਜਿਸ ਨੂੰ ਭਾਜਪਾ ਦੀ ਮੋਦੀ ਤੇ ਸ਼ਾਹ ਦੀ ਕੇਂਦਰ ਸਰਕਾਰ ਨੇ ਦੇਸ਼ ਦੀ 'ਸਕਿਉਰਿਟੀ' ਨੂੰ ਵੱਡਾ ਖਤਰਾ ਹੈ ਆਖ ਕੇ "ਸਤਲੁੱਜ" ਫਿਲਮ ਤੇ ਪਾਬੰਧੀ ਲਗਾਈ ਹੈ ।ਅਸਲ ਵਿੱਚ ਮੋਦੀ ਸਰਕਾਰ ਕਦੇ ਨਹੀਂ ਚਾਹੇਗੀ ਕਿ ਪੰਜਾਬ ਦੇ ਨੌਜੁਆਨ ਆਪਣੇ ਜੁਝਾਰੂ ਇਤਿਹਾਸ ਤੋਂ ਜਾਣੂ ਹੋਣ ਕਿਉਂਕਿ ਉਨਾਂ ਦੀ ਪਾਰਟੀ ਭਾਜਪਾ ਅਤੇ ਸਰਕਾਰ ਦਾ ਆਪਣਾ ਪਾਜ ਵੀ ਨੰਗਾ ਹੋਣ ਦਾ ਡਰ ਹੈ ਕਿ ਉਹਨਾਂ ਦੀ ਸਰਕਾਰ ਪਿਛਲੇ ਸਮੇਂ ਤੋਂ ਪੰਜਾਬ ਤੇ ਸਿੱਖਾਂ ਨਾਲ ਕਿਸ ਤਰ੍ਹਾਂ ਪੜਾਅ ਪੜਾਅ ਤੇ ਧੱਕਾ ਤੇ ਬੇਇਨਸਾਫੀ ਕਰਦੀ ਆ ਰਹੀ ਹੈ ।ਭਾਜਪਾ ਸੁਪਨੇ ਲਈ ਬੈਠੀ ਹੈ ਕਿ ਉਹ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬੰਗਾਲ ਦੀ ਤਰਾਂ ਹਰ ਵਿੰਗਾ ਟੇਢਾ ਹੀਲਾ ਵਸੀਲਾ ਵਰਤ ਕੇ ਭਾਜਪਾ ਆਪਣੀ ਸਰਕਾਰ ਬਣਾ ਲਵੇਗੀ। ਹਾਂ ਇਹ ਸੰਭਵ ਹੋ ਸਕਦਾ ਹੈ ਜੇਕਰ ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਦੇ ਈਮਾਨਦਾਰ ਆਗੂ ਸੁਚੇਤ ਨਾ ਹੋਏ! ਜਿਹੜੇ ਸਿਰਾਂ ਤੇ ਪੱਗਾਂ ਸਜਾਈ ਸਿੱਖ ਆਗੂ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ ਉਨਾਂ ਦੀਆਂ ਅੱਖਾਂ ਖੁੱਲ ਜਾਣੀਆਂ ਚਾਹੀਦੀਆਂ ਹਨ ਜਿਹੜੇ ਵੀ ਹੁਣ ਤਕ ਭਾਜਪਾ ਵਿੱਚ ਸ਼ਾਮਲ ਹੋਏ ਹਨ ਉਨਾਂ ਸਭ ਨੂੰ ਸਮੇਤ ਭਾਜਪਾ ਪ੍ਰਧਾਨ ਸ੍ਰ ਕੇਵਲ ਸਿੰਘ ਢਿਲੋਂ ਅਤੇ ਡਾ ਜਗਮੋਹਨ ਸਿੰਘ ਰਾਜੂ ਆਦਿ ਨੂੰ ਆਪਣੀ ਪੀੜ੍ਹੀ ਹੇਠ ਸੋਟਾ ਫੇਰ ਕੇ ਸੋਚਣਾ ਚਾਹੀਦਾ ਹੈ ਕਿ ਭਾਜਪਾ ਇਕ ਕਟੱੜ ਹਿੰਦੂਆਂ ਦੀ ਸਰਕਾਰ ਹੈ ਜਿਸ ਨੂੰ ਚਲਾਉਣ ਵਾਲੀ ਰ.ਸ.ਸ, ਹੈ ਜਿਸ ਦਾ ਇਕੋ ਇਕ ਨਿਸ਼ਾਨਾ ਦੇਸ਼ ਨੂੰ 'ਹਿੰਦੂ ਰਾਸ਼ਟਰ' ਬਣਾਉਣਾ ਹੈ। ਭਾਰਤੀ ਜਨਤਾ ਪਾਰਟੀ ਦੇਸ਼ ਦੀਆਂ ਸਾਰੀਆਂ ਘੱਟ ਗਿਣਤੀਆਂ ,ਸਮੇਤ ਦਲਿੱਤ ਵਰਗ ਦੇ ਇਕ ਨੰਬਰ ਦੀ ਦੁਸ਼ਮਣ ਹੈ। ਇਹ ਦੇਸ਼ ਵਿੱਚ ਮਨੂ ਸਿਮਰਤੀ ਲਾਗੂ ਕਰਕੇ ਰਾਜ ਚਲਾਉਣਾ ਚਾਹੁੰਦੀ ਹੈ। ਤੁਹਾਡੇ ਸਭ ਦੇ ਸਾਹਮਣੇ ਹੈ ਕਿ ਮੋਦੀ ਸ਼ਾਹ ਸਰਕਾਰ ਨੇ ਮੁਸਲਮਾਨਾਂ ਨਾਲ ਕੀ ਕੀਤਾ ਹੈ? ਕੀ ਇਹ ਪੰਜਾਬੀਆਂ ਤੇ ਸਿੱਖਾਂ ਨੂੰ ਬਖਸ਼ਣਗੇ? ਇਸ ਭਾਜਪਾ ਬਾਰੇ ਕਿਹਾ ਜਾਂਦਾ ਹੈ ਕਿ ਇਹ 'ਵਿਸ ਭਰੀਆਂ ਗੰਦਲਾਂ, ਧਰੀਆਂ ਖੰਡ ਲਿਵਾੜ' ਦੇ ਨਿਆਂਈਂ ਹਨ। ਮੌਕਾ ਤੇ ਆਉਣ ਦਿਓ ,ਪੰਜਾਬ ਉਤੇ ਇਕ ਵਾਰੀ ਭਾਜਪਾ ਨੂੰ ਕਾਬਜ ਤੇ ਹੋਣ ਦਿਓ ,ਫਿਰ ਦੇਖਿਓ ਕਿ ਭਾਜਪਾ ਵਿੱਚ ਸ਼ਾਮਲ ਹੋਏ "ਸਿੱਖਾਂ ਤੇ ਪੰਜਾਬੀਆਂ" ਨੂੰ ਕਿਵੇਂ ਮੱਖਣ ਦੇ ਵਾਲ ਵਾਂਗ ਭਾਜਪਾ ਤੋਂ ਬਾਹਰ ਦਾ ਰਸਤਾ ਨਾ ਵਿਖਾਇਆ ਜਿਵੇਂ ਹਰਜੀਤ ਸਿੰਘ ਗਰੇਵਾਲ ਆਦਿ ਨੂੰ ਵਿਖਾਇਆ ਹੈ। ਪੰਜਾਬੀਓ, ਸਿਆਣਪ ਤੋਂ ਕੰਮ ਲਵੋ ,ਹਾਲੇ ਵੀ ਡੁਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਸਾਰੇ ਪੰਜਾਬ ਦੇ ਹਿਤੈਸ਼ੀਆਂ ਨੂੰ ਇਕੱਠੇ ਹੋ ਕੇ ਭਾਜਪਾ ਨੂੰ 2027 ਦੀਆਂ ਚੋਣਾਂ ਵਿੱਚ ਅਜਿਹੀ ਭਾਂਜ ਦੇਣੀ ਚਾਹੀਦੀ ਹੈ ਕਿ ਇਹ ਮੁੜ੍ਹ ਕੇ ਪੰਜਾਬ ਵੱਲ ਮੂੰਹ ਕਰਨ ਦੀ ਸੋਚ ਨਾ ਸਕਣ।

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

**Contact:(408) 687-1899, (925) 587-1148**


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
DUI / DWI Defense
Drug Charges
Domestic Violence Defense
Assault & Battery Defense
Theft / Fraud / Financial Crimes
Probation Violations
Contact Us
info@ghumanlawgroup.com
ghumanlawgroup.org
+1 228-200-0001

# ਦੱਖਣ-ਪੱਛਮੀ ਕੀਨੀਆ ਵਿੱਚ ਸੋਨੇ ਦੀ ਖਾਣ ਢਹਿਣ ਨਾਲ ਪੰਜ ਲੋਕਾਂ ਦੀ ਮੌਤ

ਨਾਰੋਕ ਕਾਉਂਟੀ
ਸਾਂਝੀ ਸੋਚ ਬਿਊਰੋ

ਦੱਖਣ-ਪੱਛਮੀ ਕੀਨੀਆ ਦੇ ਨਾਰੋਕ ਕਾਉਂਟੀ ਵਿੱਚ ਇੱਕ ਸੋਨੇ ਦੀ ਖਾਣ ਢਹਿਣ ਨਾਲ ਘੱਟੋ-ਘੱਟ ਪੰਜ ਖਾਣ ਮਜ਼ਦੂਰਾਂ ਦੀ ਮੌਤ ਹੋ ਗਈ, ਸਥਾਨਕ ਅਧਿਕਾਰੀਆਂ ਨੇ ਬੁੱਧਵਾਰ ਨੂੰ ਪੁਸ਼ਟੀ ਕੀਤੀ। ਨਾਰੋਕ ਕਾਉਂਟੀ ਦੇ ਪੁਲਿਸ ਕਮਾਂਡਰ ਪੈਟ੍ਰਿਕ ਲੋਬੋਲੀਆ ਨੇ ਕਿਹਾ ਕਿ ਭਾਰੀ ਬਾਰਸ਼ ਤੋਂ ਬਾਅਦ ਸੁਰੰਗ ਢਹਿਣ ਤੋਂ ਬਾਅਦ ਭੂਮੀਗਤ ਫਸੇ ਮੰਨੇ ਜਾਣ ਵਾਲੇ ਹੋਰ ਖਾਣ ਮਜ਼ਦੂਰਾਂ ਨੂੰ ਬਚਾਉਣ ਲਈ ਬਚਾਅ ਕਾਰਜ ਜਾਰੀ ਹਨ। ਲੋਬੋਰੀਆ ਨੇ ਸਿਨਹੂਆ ਨਿਊਜ਼ ਏਜੰਸੀ ਨੂੰ ਫ਼ੋਨ 'ਤੇ ਦੱਸਿਆ, "ਫਸੇ ਹੋਏ ਮੰਨੇ ਜਾਣ ਵਾਲੇ ਹੋਰ ਲੋਕਾਂ ਨੂੰ ਬਚਾਉਣ ਵਿੱਚ ਸਹਾਇਤਾ ਲਈ ਬਚਾਅ ਟੀਮਾਂ ਮੌਕੇ 'ਤੇ ਹਨ।" ਲੋਬੋਰੀਆ ਨੇ ਕਿਹਾ ਕਿ ਕਿਲੀਮਾਪੇਸਾ ਖੇਤਰ ਵਿੱਚ ਖੋਜ ਅਤੇ ਬਚਾਅ ਕਾਰਜ ਜਾਰੀ ਹਨ, ਪਰ ਵਿਸ਼ੇਸ਼ ਮਾਈਨਿੰਗ ਉਪਕਰਣਾਂ ਦੀ ਘਾਟ ਕਾਰਨ ਪ੍ਰਗਤੀ ਵਿੱਚ ਰੁਕਾਵਟ ਆਈ ਹੈ। "ਵਿਸ਼ੇਸ਼ ਭੂਮੀਗਤ ਖੋਜ ਉਪਕਰਣਾਂ ਅਤੇ ਕੈਮਰਿਆਂ ਦੀ ਘਾਟ ਕਾਰਨ ਕਾਰਜ ਹੌਲੀ-ਹੌਲੀ ਅੱਗੇ ਵਧ ਰਿਹਾ ਹੈ। ਲੋਬੋਰੀਆ ਨੇ ਅੱਗੇ ਕਿਹਾ ਕਿ ਕਈ ਬਚੇ ਲੋਕਾਂ ਨੂੰ ਘਟਨਾ ਵਾਲੀ ਥਾਂ ਤੋਂ ਬਚਾਇਆ ਗਿਆ ਹੈ ਅਤੇ ਡਾਕਟਰੀ ਇਲਾਜ ਲਈ ਨੇੜਲੇ ਸਿਹਤ ਸਹੂਲਤਾਂ ਵਿੱਚ ਲਿਜਾਇਆ ਗਿਆ ਹੈ।

ਕਿਲੀਮਾਪੇਸਾ, ਜੋ ਕਿ ਨਾਰੋਕ ਟਾਊਨ ਤੋਂ ਲਗਭਗ 180 ਕਿਲੋਮੀਟਰ ਦੱਖਣ ਵਿੱਚ ਸਥਿਤ ਹੈ, ਕੀਨੀਆ ਦੇ ਸਭ ਤੋਂ ਵੱਡੇ ਵਪਾਰਕ ਸੋਨੇ ਦੀ ਖਾਣ ਦੇ ਕੰਮ ਦਾ ਘਰ ਹੈ। ਇਹ ਘਟਨਾ ਕੀਨੀਆ ਦੇ ਸੋਨੇ ਦੀ ਖਾਣ ਦੇ ਖੇਤਰ ਵਿੱਚ ਸੁਰੱਖਿਆ ਨੂੰ ਲੈ ਕੇ ਵਧਦੀਆਂ




ਚਿੰਤਾਵਾਂ ਦੇ ਵਿਚਕਾਰ ਆਈ ਹੈ, ਜੋ ਕਿ ਹਾਲ ਹੀ ਦੇ ਸਾਲਾਂ ਵਿੱਚ ਘਾਤਕ ਹਾਦਸਿਆਂ ਨਾਲ ਗ੍ਰਸਤ ਰਿਹਾ ਹੈ। ਵਾਰ-ਵਾਰ ਵਾਪਰ ਰਹੀਆਂ ਦੁਖਾਂਤਾਂ ਨੇ ਸਾਰੇ ਉਦਯੋਗ ਵਿੱਚ ਸੁਰੱਖਿਆ ਨਿਯਮਾਂ ਅਤੇ ਮਾਪਦੰਡਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਹਿੱਸੇਦਾਰਾਂ ਵੱਲੋਂ ਨਵੇਂ ਸਿਰਿਓਂ ਮੰਗ ਕੀਤੀ ਹੈ। ਸੋਨੇ ਦੀ ਖਾਣ ਕੀਨੀਆ ਭਰ ਵਿੱਚ ਹਜ਼ਾਰਾਂ ਕਾਰੀਗਰ ਖਾਣਾਂ ਲਈ ਰੋਜ਼ੀ-ਰੋਟੀ ਦਾ ਇੱਕ ਮੁੱਖ ਸਰੋਤ ਹੈ। ਹਾਲਾਂਕਿ, ਸੋਨੇ ਨਾਲ ਭਰਪੂਰ ਖੇਤਰਾਂ ਵਿੱਚ ਗੈਰ-ਰਸਮੀ ਅਤੇ ਗੈਰ-ਨਿਯੰਤ੍ਰਿਤ ਕਾਰਜਾਂ ਨੇ ਅਕਸਰ ਖਾਣਾਂ ਦੇ ਢਹਿਣ ਅਤੇ ਖਤਰਨਾਕ ਕੰਮ ਕਰਨ ਦੀਆਂ ਸਥਿਤੀਆਂ ਕਾਰਨ ਦਰਜਨਾਂ ਜਾਨਾਂ ਲਈਆਂ ਹਨ। ਸੁਡਾਨੀਜ਼ ਮਿਨਰਲ ਰਿਸੋਰਸਿਜ਼ ਕੰਪਨੀ ਨੇ ਰਿਪੋਰਟ ਦਿੱਤੀ ਕਿ ਇਸ ਮਹੀਨੇ ਦੇ ਸ਼ੁਰੂ ਵਿੱਚ, ਉੱਤਰੀ ਸੁਡਾਨ ਦੇ ਵਾਦੀ ਹਲਫਾ ਖੇਤਰ ਵਿੱਚ ਇੱਕ ਰਵਾਇਤੀ ਸੋਨੇ ਦੀ ਖਾਣ ਢਹਿ ਜਾਣ ਤੋਂ ਬਾਅਦ ਘੱਟੋ-ਘੱਟ 15 ਲੋਕਾਂ ਦੀ ਮੌਤ ਹੋ ਗਈ ਸੀ ਅਤੇ ਇੱਕ ਹੋਰ ਜ਼ਖਮੀ ਹੋ ਗਿਆ ਸੀ। ਮਾਈਨਿੰਗ ਗਤੀਵਿਧੀਆਂ ਦੀ ਨਿਗਰਾਨੀ ਕਰਨ ਵਾਲੀ ਇੱਕ ਸਰਕਾਰੀ ਸੰਸਥਾ, ਕੰਪਨੀ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਹ ਹਾਦਸਾ ਉਸ ਜਗ੍ਹਾ ਵਿੱਚ ਦਾਖਲ ਹੋਣ ਤੋਂ ਬਾਅਦ ਹੋਇਆ ਜਿਸਨੂੰ ਪਹਿਲਾਂ ਅਧਿਕਾਰੀਆਂ ਦੁਆਰਾ ਬੰਦ ਕਰ ਦਿੱਤਾ ਗਿਆ ਸੀ ਕਿਉਂਕਿ ਇਸਨੂੰ ਅਸੁਰੱਖਿਅਤ ਮੰਨਿਆ ਗਿਆ ਸੀ। ਇਸ ਵਿੱਚ ਕਿਹਾ ਗਿਆ ਹੈ ਕਿ ਬਚਾਅ ਟੀਮਾਂ ਨੂੰ ਮੌਕੇ 'ਤੇ ਤਾਇਨਾਤ ਕੀਤਾ ਗਿਆ ਹੈ, ਸਿਵਲ ਡਿਫੈਂਸ ਟੀਮਾਂ ਸੰਭਾਵਿਤ ਬਾਕੀ ਪੀੜਤਾਂ ਦੀ ਭਾਲ ਜਾਰੀ ਰੱਖ ਰਹੀਆਂ ਹਨ। ਚਸ਼ਮਦੀਦ ਗਵਾਹ ਨੇ ਕਿਹਾ ਕਿ ਖਾਣ ਵਾਲਿਆਂ ਨੇ ਬੰਦ ਖਾਨ ਤੋਂ ਬਾਹਰ ਰਹਿਣ ਲਈ ਵਾਰ-ਵਾਰ ਚੇਤਾਵਨੀਆਂ ਨੂੰ ਅਣਡਿੱਠਾ ਕੀਤਾ ਸੀ। ਪਰੰਪਰਾਗਤ ਖਨਨ ਸੁਡਾਨ ਦੇ ਸੋਨੇ ਦੇ ਉਤਪਾਦਨ ਵਿੱਚ ਇੱਕ ਵੱਡਾ ਯੋਗਦਾਨ ਪਾਉਂਦਾ ਹੈ, ਪਰ ਮਾੜੇ ਸੁਰੱਖਿਆ ਉਪਾਵਾਂ ਅਤੇ ਵਿਗੜਦੇ ਬੁਨਿਆਦੀ ਢਾਂਚੇ ਕਾਰਨ ਲੰਬੇ ਸਮੇਂ ਤੋਂ ਹਾਦਸਿਆਂ ਨਾਲ ਗ੍ਰਸਤ ਹੈ। ਸੁਡਾਨ 2011 ਤੋਂ ਵਿਦੇਸ਼ੀ ਮੁਦਰਾ ਦੇ ਇੱਕ ਮੁੱਖ ਸਰੋਤ ਵਜੋਂ ਸੋਨੇ 'ਤੇ ਬਹੁਤ ਜ਼ਿਆਦਾ ਨਿਰਭਰ ਕਰਦਾ ਰਿਹਾ ਹੈ। ਖਣਨ ਖੇਤਰ ਨਿਰਯਾਤ ਦਾ ਲਗਭਗ 40 ਪ੍ਰਤੀਸ਼ਤ ਹੈ, ਹਾਲਾਂਕਿ ਅਪ੍ਰੈਲ 2023 ਵਿੱਚ ਸ਼ੁਰੂ ਹੋਈ ਜੰਗ ਦੌਰਾਨ ਗਤੀਵਿਧੀਆਂ ਵਿੱਚ ਗਿਰਾਵਟ ਆਈ ਹੈ।

# ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਵੱਲੋਂ ਐਲਏਡੀਸੀ ਸਿਸਟਮ ਖ਼ਿਲਾਫ਼ ਭੁੱਖ ਹੜਤਾਲ ਤੀਸਰੇ ਦਿਨ ਵੀ ਜਾਰੀ

ਬਰਨਾਲਾ
ਅਸ਼ੋਕ ਪੁਰੀ

ਜੋਇੰਟ ਐਕਸ਼ਨ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਵੱਲੋਂ ਐਲਏਡੀਸੀ ਸਿਸਟਮ ਦੇ ਵਿਰੋਧ ਵਿੱਚ ਚੱਲ ਰਹੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਦਿਆਂ ਮਿਤੀ 20-07-2026 ਤੋਂ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਦੀ ਚੁਣੀ ਹੋਈ ਟੀਮ ਦੀ ਅਗਵਾਈ ਹੇਠ ਚੱਲ ਰਹੀ ਇਸ ਭੁੱਖ ਹੜਤਾਲ ਦੇ ਦੂਜੇ ਦਿਨ ਪ੍ਰਧਾਨ ਐਡਵੋਕੇਟ ਪੰਕਜ ਬਾਂਸਲ, ਐਡਵੋਕੇਟ ਇਕਬਾਲ ਸਿੰਘ ਗਿੱਲ, ਐਡਵੋਕੇਟ ਹੰਸਰਾਜ, ਐਡਵੋਕੇਟ ਬੱਗਾ ਸਿੰਘ, ਐਡਵੋਕੇਟ ਧਰਮਪਾਲ ਸਿੰਘ, ਐਡਵੋਕੇਟ ਕੁਨਾਲ ਗਰਗ, ਐਡਵੋਕੇਟ ਦਿਵਿਆ ਗੁਲਾਟੀ, ਐਡਵੋਕੇਟ ਕਰਮਜੀਤ ਸੋਹਲ, ਐਡਵੋਕੇਟ ਸਵਰਨਜੀਤ ਕੌਰ, ਐਡਵੋਕੇਟ ਅਮਨ ਸ਼ਰਮਾ ਅਤੇ ਐਡਵੋਕੇਟ ਸਰਬਜੀਤ ਕੌਰ ਭੁੱਖ ਹੜਤਾਲ 'ਤੇ ਬੈਠੇ। ਇਸ ਮੌਕੇ ਵਾਈਸ ਪ੍ਰਧਾਨ ਐਡਵੋਕੇਟ ਤਲਵਿੰਦਰ ਸਿੰਘ ਮਸੌਣ ਨੇ ਕਿਹਾ ਕਿ ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਦੇ ਸਮੂਹ ਵਕੀਲ ਸਾਹਿਬਾਨ ਮਿਤੀ 7 ਜੁਲਾਈ 2026 ਤੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ "ਨੋ ਵਰਕ" ਅੰਦੋਲਨ 'ਤੇ ਹਨ।

ਹੁਣ ਇਸ ਸੰਘਰਸ਼ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਮਜ਼ਬੂਤ ਬਣਾਉਣ



ਲਈ ਮਿਤੀ 20 ਜੁਲਾਈ 2026 ਤੋਂ ਭੁੱਖ ਹੜਤਾਲ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਭੁੱਖ ਹੜਤਾਲ ਹਰ ਰੋਜ਼ ਜਾਰੀ ਰਹੇਗੀ ਅਤੇ ਰੋਜ਼ਾਨਾ ਵਕੀਲ ਸਾਹਿਬਾਨ ਵਾਰੀ-ਵਾਰੀ ਭੁੱਖ ਹੜਤਾਲ 'ਤੇ ਬੈਠ ਕੇ ਲ਼ਅਧਛ ਸਿਸਟਮ ਦੇ ਵਿਰੋਧ ਵਿੱਚ ਆਪਣਾ ਰੋਸ ਦਰਜ ਕਰਵਾਉਣਗੇ। ਉਨ੍ਹਾਂ ਕਿਹਾ ਕਿ ਵਕੀਲ ਭਾਈਚਾਰਾ ਆਪਣੀਆਂ ਜਾਇਜ਼ ਮੰਗਾਂ ਲਈ ਪੂਰੀ ਤਨਦੇਹੀ ਅਤੇ ਇਕਜੁੱਟਤਾ ਨਾਲ ਸੰਘਰਸ਼ ਕਰ ਰਿਹਾ ਹੈ। ਇਸ ਮੌਕੇ ਐਡੋਵੇਟ ਗੁਰਵਿੰਦਰ ਸਿੰਘ ਗਿੰਡੀ ਸਾਬਕਾ ਪ੍ਰਧਾਨ ਹਲਕਾ ਇੰਚਾਰਜ ਅਕਾਲੀਦਲ ਵਾਰਿਸ ਪੰਜਾਬ, ਐਡਵੋਕੇਟ ਧੀਰਜ ਕੁਮਾਰ, ਹਰਪ੍ਰੀਤ ਪਾਲ ਸਿੰਘ, ਗੁਰਪ੍ਰੀਤ ਪਾਲ ਸਿੰਘ, ਅਮਨਦੀਪ ਸਿੰਘ ਬਾਹੀਆ, ਧਰਮਿੰਦਰ ਸਿੰਘ ਧਾਲੀਵਾਲ, ਰਘਵਿੰਦਰ ਸਿੰਘ ਸਿੱਧੂ, ਪਰਮਜੀਤ ਸਿੰਘ ਮਸੌਣ, ਹਰਪ੍ਰੀਤ ਸਿੰਘ ਢਿੱਲੋਂ, ਪਰਮਿੰਦਰ ਸਿੰਘ ਗਿੱਲ,
ਦਰਸ਼ਨ ਸਿੰਘ ਸਿੱਧੂ, ਬਲਵੰਤ ਸਿੰਘ ਮਾਨ, ਸ਼ਮਿੰਦਰ ਸਿੰਘ ਧਾਲੀਵਾਲ, ਮਨਦੀਪ ਸਿੰਘ ਸਹਿਜਰਾ, ਸੰਜੀਵ ਕੁਮਾਰ, ਦੀਪਕ ਗੋਇਲ, ਵਿਨੋਦ ਕੁਮਤ, ਵਰਿੰਦਰ ਕੁਮਾਰ ਗੋਇਲ, ਚਮਕੌਰ ਸਿੰਘ ਭੱਠਲ, ਵਿਕਰਮਜੀਤ ਸਿੰਘ, ਹਰਦੇਸ਼ ਰੇਹਲ, ਜਨਤਾ ਸਿੰਘ ਭੁੱਲਰ, ਧੀਰਜ ਕੁਮਾਰ, ਬਲਜੀਤ ਸਿੰਘ ਧੌਲਾ, ਜਗਸੀਰ ਧਾਲੀਵਾਲ, ਨਛੱਤਰ ਸਿੰਘ ਬਰਾੜ, ਪ੍ਰਮੋਦ ਪੱਬੀ, ਮਨੋਜ ਕੁਮਾਰ, ਕਰਮਿੰਦਰ ਸਿੰਘ, ਕੁਸ਼ਲ, ਨਿਤਿਨ ਬਾਂਸਲ ਫਕੀਰ ਸਿੰਘ, ਦਰਸ਼ਨ ਸਿੰਮਕ, ਭੁਪਿੰਦਰ ਸਿੰਘ, ਮੋਹਿਤ ਜਿੰਦਲ, ਮਨਪ੍ਰੀਤ ਸਿੰਘ, ਆਸ਼ੂਤੋਸ਼ ਗਰਗ, ਵਨੀਤ ਕੁਮਾਰ, ਪਰਸਦੀਪ, ਪ੍ਰਦੀਪ ਕੌਸ਼ਲ, ਅਨੂੰ ਸ਼ਰਮਾ, ਸੁਮਨਦੀਪ ਕੌਰ, ਸਰਬਜੀਤ ਕੌਰ, ਰਣਜੀਤ ਸਿੰਘ, ਨਵੀਨ ਕੁਮਾਰ, ਲੋਕੇਸ਼ਵਰ ਸੇਵਕ, ਅਰਸ਼ਦੀਪ ਸਿੰਘ, ਯਸਪਾਲ ਜੋਸ਼ੀ ਹਾਜ਼ਰ ਸਨ।

# ਐੱਫ.ਬੀ.ਆਈ ਵੱਲੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ 'ਚ ਕਥਿਤ ਭੂਮਿਕਾ ਵਾਲਾ ਪੰਜਾਬੀ ਨੌਜਵਾਨ ਗ੍ਰਿਫ਼ਤਾਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਯੂ.ਐੱਸ. ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐੱਫ.ਬੀ.ਆਈ.) ਨੇ ਪੰਜਾਬੀ ਨੌਜਵਾਨ ਹਰਮਨਵੀਰ ਸਿੰਘ ਨੂੰ ਕੈਨੇਡਾ ਤੋਂ ਕੰਮ ਕਰ ਰਹੇ ਰਵਿੰਦਰ ਢਾਂਡਾ ਗਿਰੋਹ ਲਈ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਚ ਕਥਿਤ ਭੂਮਿਕਾ ਲਈ ਗ੍ਰਿਫ਼ਤਾਰ ਕਰ ਲਿਆ ਹੈ। ਐੱਫ.ਬੀ.ਆਈ. ਨੇ ਕਿਹਾ ਕਿ ਕੈਲੀਫੋਰਨੀਆ ਹਾਈਵੇਅ ਪੈਟਰੋਲ ਅਧਿਕਾਰੀਆਂ ਨੇ ਕੈਲੀਫੋਰਨੀਆ ਦੇ ਸਟਾਕਟਨ ਵਿਚ ਸਿੰਘ ਨੂੰ ਓਪਰੇਸ਼ਨ ਹਾਰਡ ਬਾਲ ਦੇ ਹਿੱਸੇ ਵਜੋਂ ਗ੍ਰਿਫ਼ਤਾਰ ਕੀਤਾ, ਜੋ ਕਿ ਲਾਰੈਂਸ ਬਿਸ਼ਨੋਈ, ਜੱਗੂ ਭਗਵਾਨਪੁਰੀਆ ਅਤੇ ਰਵਿੰਦਰ ਢਾਂਡਾ ਦੇ ਗਿਰੋਹਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਇੱਕ ਤਾਲਮੇਲ ਵਾਲੇ ਅੰਤਰਰਾਸ਼ਟਰੀ ਆਪ੍ਰੇਸ਼ਨ ਹੈ। ਜਾਂਚ ਏਜੰਸੀ ਨੇ ਕਿਹਾ ਕਿ ਸਿੰਘ ਇੱਕ ਅੰਤਰਰਾਸ਼ਟਰੀ ਅਪਰਾਧਿਕ ਸੰਗਠਨ ਵਿਚ ਕਥਿਤ ਸ਼ਮੂਲੀਅਤ ਲਈ ਲੋੜੀਂਦਾ ਸੀ। ਸੰਗਠਨ 'ਤੇ ਨਿਯੰਤਰਿਤ ਨਸ਼ੀਲੇ ਪਦਾਰਥਾਂ ਨੂੰ ਵੰਡਣ ਅਤੇ ਸਟੋਰ ਕਰਨ ਦੀ ਸਾਜ਼ਿਸ਼ ਰਚਣ ਅਤੇ ਉਨ੍ਹਾਂ ਨੂੰ ਨਿਰਯਾਤ ਕਰਨ ਦੀ ਸਾਜ਼ਿਸ਼ ਰਚਣ ਦਾ ਦੋਸ਼ ਹੈ। ਪੁਲਿਸ ਬਿਆਨ ਵਿਚ ਕਿਹਾ ਗਿਆ ਹੈ ਕਿ ਰਵਿੰਦਰ ਢਾਂਡਾ ਸੰਗਠਿਤ ਅਪਰਾਧ ਸਮੂਹ ਕੈਨੇਡਾ ਦੇ ਵੈਨਕੂਵਰ ਤੋਂ ਕੰਮ ਕਰਦਾ ਹੈ ਅਤੇ ਉਸ 'ਤੇ ਅਮਰੀਕਾ, ਕੈਨੇਡਾ ਅਤੇ ਮੈਕਸੀਕੋ ਵਿਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਸੰਗਠਨਾਂ ਲਈ ਵੱਡੀ ਮਾਤਰਾ ਵਿਚ ਕੋਕੀਨ ਅਤੇ ਮੇਥਾਮਫੇਟਾਮਾਈਨ ਦੀ ਤਸਕਰੀ ਕਰਨ ਦਾ ਦੋਸ਼ ਹੈ।

23 ਜੂਨ, 2026 ਨੂੰ ਕੈਲੀਫੋਰਨੀਆ ਦੇ ਲਾਸ ਏਂਜਲਸ ਵਿਚ ਸਥਿਤ ਸੈਂਟਰਲ ਡਿਸਟ੍ਰਿਕਟ ਆਫ਼ ਕੈਲੀਫੋਰਨੀਆ ਲਈ ਅਮਰੀਕੀ ਜ਼ਿਲ੍ਹਾ ਅਦਾਲਤ ਦੁਆਰਾ ਇੱਕ ਸੰਘੀ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤਾ ਗਿਆ ਸੀ, ਜਿਸ ਵਿਚ ਸਿੰਘ 'ਤੇ ਨਿਯੰਤਰਿਤ ਪਦਾਰਥਾਂ ਨੂੰ ਵੰਡਣ ਅਤੇ ਰੱਖਣ ਦੀ ਸਾਜ਼ਿਸ਼, ਉਨ੍ਹਾਂ ਨੂੰ ਨਿਰਯਾਤ ਕਰਨ ਦੀ ਸਾਜ਼ਿਸ਼ ਅਤੇ ਉਨ੍ਹਾਂ ਨੂੰ ਵੰਡਣ ਦੇ ਇਰਾਦੇ ਨਾਲ ਰੱਖਣ ਦੇ ਦੋਸ਼ ਲਗਾਏ ਗਏ ਸਨ। ਇਸ ਮਹੀਨੇ ਦੇ ਸ਼ੁਰੂ ਵਿਚ ਅਮਰੀਕਾ, ਕੈਨੇਡਾ ਅਤੇ ਯੂਰਪ ਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਇੱਕ ਸਾਂਝਾ ਆਪ੍ਰੇਸ਼ਨ ਕੀਤਾ ਅਤੇ ਭਾਰਤ ਨਾਲ ਸਬੰਧਾਂ ਵਾਲੇ ਤਿੰਨ ਅੰਤਰਰਾਸ਼ਟਰੀ ਸੰਗਠਿਤ ਅਪਰਾਧ ਸਮੂਹਾਂ ਨਾਲ ਜੁੜੇ 24 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ। ਇਨ੍ਹਾਂ ਵਿਚੋਂ ਗਿਆਰਾਂ ਵਿਅਕਤੀਆਂ ਨੂੰ ਕੈਲੀਫੋਰਨੀਆ ਵਿਚ ਗ੍ਰਿਫ਼ਤਾਰ ਕੀਤਾ ਗਿਆ ਸੀ। ਇਨ੍ਹਾਂ ਸਮੂਹਾਂ 'ਤੇ ਕਈ ਤਰ੍ਹਾਂ ਦੀਆਂ ਅਪਰਾਧਿਕ ਗਤੀਵਿਧੀਆਂ ਵਿਚ ਸ਼ਾਮਲ ਹੋਣ ਦਾ ਦੋਸ਼ ਹੈ। ਅਮਰੀਕੀ ਨਿਆਂ ਵਿਭਾਗ ਨੇ ਆਪ੍ਰੇਸ਼ਨ ਹਾਰਡਬਾਲ ਦੇ ਤਹਿਤ ਦੋਸ਼ ਪੱਤਰ ਵਿਚ ਕੁੱਲ 37 ਵਿਅਕਤੀਆਂ 'ਤੇ ਦੋਸ਼ ਲਗਾਏ ਹਨ।

**ਰੱਬਾ ਇੰਨ੍ਹੇ ਜੋਗਾ ਕਰਦੇ ਕਿ ਲੋਕ ਕਹਿਣ ਇੰਨ੍ਹੇ ਜੋਗਾ ਕਿੱਥੇ ਸੀ...**





ਕਈ ਵੀਰਾਂ ਦੇ
**LICENSE CANCEL**
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

**ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ**

**ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ**


**Green Card ਨਹੀਂ ਹੈ | I-485 Application ਅਜੇ Pending ਹੈ।**

## Ghuman Law Group ਤੁਹਾਡੇ ਨਾਲ ਹੈ

**ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :**



Green Card Case ਨੂੰ ਜਲਦੀ ਹੱਲ ਕਰਨ ਵਿੱਚ



CDL ਅਤੇ ਕੰਮ ਨੂੰ ਬਚਾਉਣ ਲਈ Legal Guidance



Deportation ਜਾਂ Immigration Detention Cases ਵਿੱਚ Legal Advice



Appeals ਅਤੇ Immigration Process ਵਿੱਚ ਸਹਾਇਤਾ



Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ



ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ

GHUMAN LAW GROUP
**GHUMAN LAW GROUP INC.**
Criminal Defense, Family and Immigration Law

**Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ**

**ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)**

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਸੈਕਰਾਮੈਂਟੋ 'ਚ ਸਾਬਕਾ ਵਿਧਾਇਕ ਕਨਵਰਜੀਤ ਸਿੰਘ ਨਾਲ ਐੱਨ.ਆਰ.ਆਈ ਮੁੱਦਿਆਂ 'ਤੇ ਹੋਈ ਚਰਚਾ

ਸੈਕਰਾਮੈਂਟੋ
ਸਾਂਝੀ ਸੋਚ ਬਿਊਰੋ

ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸਾਬਕਾ ਵਿਧਾਇਕ ਕਨਵਰਜੀਤ ਸਿੰਘ ਦੇ ਅਮਰੀਕਾ ਦੌਰੇ ਦੌਰਾਨ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਅਕੈਡਮੀ ਸੈਕਰਾਮੈਂਟੋ ਵੱਲੋਂ ਉਨ੍ਹਾਂ ਦੇ ਸਨਮਾਨ ਵਿਚ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਸੈਕਰਾਮੈਂਟੋ ਅਤੇ ਆਸ-ਪਾਸ ਦੇ ਖੇਤਰਾਂ ਦੀਆਂ ਵੱਖ-ਵੱਖ ਖੇਡ ਸਭਾਵਾਂ, ਖੇਡ ਕਲੱਬਾਂ, ਗੁਰਦੁਆਰਾ ਪ੍ਰਬੰਧਕ ਸੰਸਥਾਵਾਂ ਅਤੇ ਵੱਡੀ ਗਿਣਤੀ ਵਿਚ ਪਤਵੰਤੇ ਸੱਜਣਾਂ ਨੇ ਹਾਜ਼ਰੀ ਭਰੀ।

ਸਮਾਗਮ ਦੀ ਸ਼ੁਰੂਆਤ ਦੌਰਾਨ ਰਣਧੀਰ ਸਿੰਘ ਧੀਰਾ ਨਿੱਜਰ ਨੇ ਸਾਬਕਾ ਵਿਧਾਇਕ ਕਨਵਰਜੀਤ ਸਿੰਘ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਨਾਲ ਜੁੜੇ ਹੋਏ ਆਗੂਆਂ ਦਾ ਪ੍ਰਵਾਸੀ ਭਾਈਚਾਰੇ ਨਾਲ ਸਿੱਧਾ ਸੰਵਾਦ ਸਮੇਂ ਦੀ ਲੋੜ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਐੱਨ.ਆਰ.ਆਈ. ਭਾਈਚਾਰੇ ਦੇ ਲੰਬੇ ਸਮੇਂ ਤੋਂ ਲਟਕਦੇ ਮੁੱਦਿਆਂ ਦੇ ਹੱਲ ਲਈ ਗੰਭੀਰ ਉਪਰਾਲੇ ਕੀਤੇ ਜਾਣਗੇ।

ਇਸ ਦੌਰਾਨ ਗਾਲਟ ਸਿਟੀ ਦੇ ਮੇਅਰ ਪਰਗਟ ਸਿੰਘ ਸੰਧੂ ਨੇ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਨੂੰ ਜਾਇਦਾਦੀ ਵਿਵਾਦਾਂ, ਸਰਕਾਰੀ ਦਫ਼ਤਰਾਂ ਵਿਚ ਕੰਮਕਾਜ, ਕਾਨੂੰਨੀ ਸੁਰੱਖਿਆ ਅਤੇ ਹੋਰ ਕਈ ਪ੍ਰਸ਼ਾਸਕੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਕੋਈ ਵੀ ਸਿਆਸੀ ਪਾਰਟੀ ਐੱਨ.ਆਰ.ਆਈ. ਭਾਈਚਾਰੇ ਦੇ ਮਸਲਿਆਂ ਨੂੰ ਉਸ ਗੰਭੀਰਤਾ ਨਾਲ ਹੱਲ ਨਹੀਂ ਕਰ ਸਕੀ, ਜਿਸ ਦੀ ਉਮੀਦ ਕੀਤੀ ਜਾਂਦੀ ਹੈ। ਉਨ੍ਹਾਂ ਮੰਗ ਕੀਤੀ ਕਿ ਐੱਨ.ਆਰ.ਆਈਜ਼ ਨਾਲ ਸੰਬੰਧਤ ਸਮੱਸਿਆਵਾਂ ਦੇ ਸਥਾਈ ਹੱਲ ਲਈ ਪ੍ਰਭਾਵਸ਼ਾਲੀ ਪ੍ਰਬੰਧ ਕੀਤੇ ਜਾਣ।

ਆਪਣੇ ਸੰਬੋਧਨ ਦੌਰਾਨ ਸਾਬਕਾ ਵਿਧਾਇਕ ਕਨਵਰਜੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਐੱਨ.ਆਰ.ਆਈ. ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਕਈ ਕਦਮ ਚੁੱਕੇ ਸਨ। ਉਨ੍ਹਾਂ ਕਿਹਾ ਕਿ ਉਸ ਵੇਲੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਐੱਨ.ਆਰ.ਆਈ. ਕਮਿਸ਼ਨ ਦੀ ਸਥਾਪਨਾ ਕੀਤੀ ਗਈ ਸੀ, ਜਿਸ ਰਾਹੀਂ ਪ੍ਰਵਾਸੀ ਪੰਜਾਬੀਆਂ ਦੇ ਕਈ ਮਾਮਲਿਆਂ ਦਾ ਨਿਪਟਾਰਾ ਹੋਇਆ ਅਤੇ ਉਨ੍ਹਾਂ ਨੂੰ ਰਾਹਤ ਮਿਲੀ।

ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਾਥਮਿਕਤਾ ਐੱਨ.ਆਰ.ਆਈ. ਭਾਈਚਾਰੇ ਦੇ ਹੱਕਾਂ ਅਤੇ ਹਿਤਾਂ ਦੀ ਰੱਖਿਆ ਕਰਨਾ ਹੋਵੇਗੀ। ਜਿੱਥੇ ਵੀ ਪ੍ਰਵਾਸੀ ਪੰਜਾਬੀਆਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਕਰਨਾ ਪਵੇਗਾ, ਉਸ ਦੇ ਹੱਲ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ।

ਕਨਵਰਜੀਤ ਸਿੰਘ ਨੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦਾ ਜ਼ਿਕਰ ਕਰਦਿਆਂ ਪ੍ਰਵਾਸੀ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਹਮਾਇਤ ਕਰਕੇ ਸੁਖਬੀਰ ਸਿੰਘ ਬਾਦਲ ਦੇ ਹੱਥ ਮਜ਼ਬੂਤ ਕਰਨ, ਤਾਂ ਜੋ ਪਾਰਟੀ ਨੂੰ ਮੁੜ ਪੰਜਾਬ ਦੀ ਸੇਵਾ ਕਰਨ ਦਾ ਮੌਕਾ ਮਿਲ ਸਕੇ।

ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਜਿਸ ਤਰ੍ਹਾਂ ਕੈਨੇਡਾ ਵਿਚ ਐੱਨ.ਆਰ.ਆਈ. ਭਾਈਚਾਰੇ ਨਾਲ ਵੱਖ-ਵੱਖ ਥਾਵਾਂ 'ਤੇ ਮੀਟਿੰਗਾਂ ਕੀਤੀਆਂ ਗਈਆਂ ਹਨ, ਉਸੇ ਤਰ੍ਹਾਂ ਅਮਰੀਕਾ ਵਿਚ ਵੀ ਜਲਦ ਹੀ ਪਾਰਟੀ ਦਾ ਇੱਕ ਵਫ਼ਦ ਦੌਰਾ ਕਰੇਗਾ। ਇਸ ਦੌਰੇ ਦੌਰਾਨ ਪ੍ਰਵਾਸੀ ਪੰਜਾਬੀਆਂ ਨਾਲ



ਸਿੱਧਾ ਸੰਵਾਦ ਕਰਕੇ ਉਨ੍ਹਾਂ ਦੇ ਸੁਝਾਅ ਲਏ ਜਾਣਗੇ ਅਤੇ ਉਨ੍ਹਾਂ ਨੂੰ ਪਾਰਟੀ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਲਈ ਉਪਰਾਲੇ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪਿਛਲੇ ਕੁਝ ਸਾਲਾਂ ਦੌਰਾਨ ਹੋਰ ਸਿਆਸੀ ਪਾਰਟੀਆਂ ਨੂੰ ਵੀ ਮੌਕਾ ਦੇ ਚੁੱਕੇ ਹਨ, ਪਰ ਸੂਬੇ ਦੀ ਤਰੱਕੀ ਉਮੀਦਾਂ ਅਨੁਸਾਰ ਨਹੀਂ ਹੋ ਸਕੀ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਅੱਜ ਵੀ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਕਰਜ਼ੇ ਦਾ ਬੋਝ ਵੀ ਵਧਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਲੋਕ ਇੱਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ ਨੂੰ ਮੌਕਾ ਦਿੰਦੇ ਹਨ, ਤਾਂ ਪੰਜਾਬ ਨੂੰ ਮੁੜ ਵਿਕਾਸ ਦੀ ਲੀਹ 'ਤੇ ਲਿਆਉਣ ਲਈ ਯਤਨ ਕੀਤੇ ਜਾਣਗੇ। ਸਮਾਗਮ ਦੌਰਾਨ ਸੁਖਬੀਰ ਸਿੰਘ ਬਾਦਲ ਦਾ ਟੈਲੀਫੋਨ ਰਾਹੀਂ ਸੰਦੇਸ਼ ਵੀ ਹਾਜ਼ਰ ਲੋਕਾਂ ਨੂੰ ਲਾਈਵ ਸੁਣਾਇਆ ਗਿਆ। ਆਪਣੇ ਸੰਦੇਸ਼ ਵਿਚ ਸੁਖਬੀਰ ਸਿੰਘ ਬਾਦਲ ਨੇ ਪ੍ਰਵਾਸੀ ਪੰਜਾਬੀਆਂ ਦੀ ਮਿਹਨਤ ਅਤੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦੇਸ਼ਾਂ ਵਿਚ ਵੱਸਦੇ ਪੰਜਾਬੀਆਂ ਨੇ ਆਪਣੀ ਕਾਬਲੀਅਤ ਅਤੇ ਮਿਹਨਤ ਨਾਲ ਵਿਲੱਖਣ ਪਛਾਣ ਬਣਾਈ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਐੱਨ.ਆਰ.ਆਈ. ਭਾਈਚਾਰੇ ਦੇ ਨਾਲ ਖੜ੍ਹਾ ਰਿਹਾ ਹੈ ਅਤੇ ਭਵਿੱਖ ਵਿਚ ਵੀ ਉਨ੍ਹਾਂ ਦੇ ਮਸਲਿਆਂ ਦੇ ਹੱਲ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰੇਗਾ। ਉਨ੍ਹਾਂ ਪ੍ਰਵਾਸੀ ਪੰਜਾਬੀਆਂ ਨੂੰ ਪਾਰਟੀ ਦਾ ਸਾਥ ਦੇਣ ਦੀ ਅਪੀਲ ਵੀ ਕੀਤੀ।

ਸਮਾਗਮ ਦੇ ਅੰਤ ਵਿਚ ਪ੍ਰਬੰਧਕਾਂ ਵੱਲੋਂ ਸਾਰੇ ਮਹਿਮਾਨਾਂ, ਖੇਡ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਹਾਜ਼ਰ ਸੰਗਤ ਦਾ ਧੰਨਵਾਦ ਕੀਤਾ ਗਿਆ। ਪੂਰਾ ਸਮਾਗਮ ਸੁਚੱਜੇ ਪ੍ਰਬੰਧਾਂ ਅਤੇ ਵੱਡੀ ਹਾਜ਼ਰੀ ਕਾਰਨ ਸਫਲ ਰਿਹਾ ਅਤੇ ਪ੍ਰਵਾਸੀ ਪੰਜਾਬੀਆਂ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

## ਜੰਤਰ-ਮੰਤਰ ਦੇ 1.5 ਕਿਲੋਮੀਟਰ ਦੇ ਘੇਰੇ 'ਚ ਮੋਬਾਈਲ ਇੰਟਰਨੈੱਟ ਸੇਵਾਵਾਂ ਮੁਅੱਤਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਰਾਜਧਾਨੀ ਦਿੱਲੀ ਵਿੱਚ ਜੰਤਰ-ਮੰਤਰ ਦੇ 1.5 ਕਿਲੋਮੀਟਰ ਦੇ ਘੇਰੇ ਵਿੱਚ ਅੱਧੀ ਰਾਤ ਤੱਕ ਮੋਬਾਈਲ ਇੰਟਰਨੈੱਟ ਸੇਵਾ ਬੰਦ ਕਰ ਦਿੱਤੀ ਗਈ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰਿਹਾਇਸ਼ ਦੇ ਬਾਹਰ ਵੀ ਧਾਰਾ 163 ਲਾਗੂ ਕਰ ਦਿੱਤੀ ਗਈ ਹੈ। ਮੰਤਰਾਲੇ ਅਨੁਸਾਰ, ਜੰਤਰ-ਮੰਤਰ ਦੇ 1.5 ਕਿਲੋਮੀਟਰ ਦੇ ਘੇਰੇ ਵਿੱਚ ਸ਼ਾਮ 4 ਵਜੇ ਤੋਂ ਅੱਧੀ ਰਾਤ 12 ਵਜੇ ਤੱਕ ਮੋਬਾਈਲ ਇੰਟਰਨੈੱਟ ਸੇਵਾਵਾਂ ਮੁਅੱਤਲ ਰਹਿਣਗੀਆਂ।

ਪੁਲਿਸ ਇਲਾਕੇ ਵਿੱਚ ਚੇਤਾਵਨੀ ਜਾਰੀ ਕਰ ਰਹੀ ਹੈ। ਇਸ ਦੌਰਾਨ ਦਿੱਲੀ ਪੁਲਿਸ ਨੇ ਇੱਕ ਬਿਆਨ ਵਿੱਚ ਕਿਹਾ ਵਿਦਿਆਰਥੀਆਂ ਦੇ ਚੱਲ ਰਹੇ ਵਿਰੋਧ-ਪ੍ਰਦਰਸ਼ਨ ਵਿਰੁੱਧ




ਕੋਈ ਸਖ਼ਤ ਕਾਰਵਾਈ ਕਰਨ ਦੀ ਯੋਜਨਾ ਨਹੀਂ ਹੈ। ਜੰਤਰ-ਮੰਤਰ 'ਤੇ 'ਕਾਕਰੋਚ ਜਨਤਾ ਪਾਰਟੀ' ਦਾ ਵਿਰੋਧ-ਪ੍ਰਦਰਸ਼ਨ ਜਾਰੀ ਹੈ। ਪ੍ਰਦਰਸ਼ਨ ਦੇ ਵਿਚਕਾਰ ਗ੍ਰਹਿ ਮੰਤਰਾਲੇ ਨੇ ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਬਣਾਏ ਰੱਖਣ ਲਈ ਇਹ ਹੁਕਮ ਜਾਰੀ ਕੀਤਾ ਹੈ। ਇਸ ਤਹਿਤ ਜੰਤਰ-ਮੰਤਰ ਦੇ 1.5 ਕਿਲੋਮੀਟਰ ਦੇ ਘੇਰੇ ਵਿੱਚ ਅੱਧੀ ਰਾਤ ਤੱਕ ਮੋਬਾਈਲ ਇੰਟਰਨੈੱਟ ਸੇਵਾਵਾਂ ਅਸਥਾਈ ਤੌਰ 'ਤੇ ਬੰਦ ਰਹਿਣਗੀਆਂ। ਵਿਰੋਧ-ਪ੍ਰਦਰਸ਼ਨ ਦਾ ਅਸਰ ਰਾਜਧਾਨੀ ਦੇ ਕਾਰੋਬਾਰ 'ਤੇ ਵੀ ਪਿਆ ਹੈ। ਮੌਜੂਦਾ ਹਾਲਾਤ ਨੂੰ ਦੇਖਦੇ ਹੋਏ 'ਨਵੀਂ ਦਿੱਲੀ ਟਰੇਡਰਜ਼ ਐਸੋਸੀਏਸ਼ਨ' ਦੀ ਸਲਾਹ ਤੋਂ ਬਾਅਦ ਅੱਜ ਸ਼ਾਮ 6.30 ਵਜੇ ਤੋਂ ਬਾਅਦ ਕਨਾਟ ਪਲੇਸ ਦੀਆਂ ਸਾਰੀਆਂ ਦੁਕਾਨਾਂ ਅਤੇ ਰੈਸਟੋਰੈਂਟ ਬੰਦ ਕਰ ਦਿੱਤੇ ਗਏ ਹਨ।

## ਸ਼੍ਰੋਮਣੀ ਕਮੇਟੀ ਮੈਂਬਰ ਗੁਰਮੇਲ ਸਿੰਘ ਸੰਗਤਪੁਰਾ ਦਾ ਦਿਹਾਂਤ; ਐਡਵੋਕੇਟ ਧਾਮੀ ਨੇ ਕੀਤਾ ਦੁੱਖ ਪ੍ਰਗਟ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੇਲ ਸਿੰਘ ਸੰਗਤਪੁਰਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਮੇਲ ਸਿੰਘ ਸੰਗਤਪੁਰਾ ਪੰਥਕ ਸੋਚ ਦੇ ਧਾਰਨੀ ਅਤੇ ਗੁਰਦੁਆਰਾ ਪ੍ਰਬੰਧ ਪ੍ਰਤੀ ਸਮਰਪਿਤ ਸ਼ਖ਼ਸੀਅਤ ਸਨ। ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਵਜੋਂ ਸਿੱਖ ਪੰਥ ਦੀ ਸੇਵਾ ਲਈ ਮਹੱਤਵਪੂਰਨ ਯੋਗਦਾਨ ਪਾਇਆ, ਜਿਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਮੇਲ ਸਿੰਘ ਸੰਗਤਪੁਰਾ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਸਮਾਜ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਐਡਵੋਕੇਟ ਧਾਮੀ ਨੇ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਦਿਆਂ ਕਰਤਾ ਪੁਰਖੁ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ



ਨਿਵਾਸ ਬਖ਼ਸ਼ਣ ਅਤੇ ਪਰਿਵਾਰ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਸਮੇਤ ਹੋਰਾਂ ਨੇ ਵੀ ਗੁਰਮੇਲ ਸਿੰਘ ਸੰਗਤਪੁਰਾ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਇਜਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

Space available for Ad
Contact # +1 (209) 303-1260
Contact # +91 81463-20009

Space available for Ad
Contact # +1 (209) 303-1260
Contact # +91 81463-20009

# WHOLE HOME SOLAR & BATTERY STARTING AT $25,000

**For a standard 5kW Solar & 14kWh Battery system**

Roof or main panel upgrades not included



- **Clear & Up-Front Pricing**
- **High-Efficiency Components**
- **Permits and Utility Approvals Included**
- **Protect Existing NEM 2.0** (Via Non-Export Configuration)

**CALL HARRY FOR A QUOTE | (925) 537-2732**

Harkaran Singh (HIS Registration #167489 SP) AUTHORIZED REPRESENTATIVE FOR TSP SOLAR SALES AND SERVICES (DBA TSP ROOFING AND SOLAR)
CSLB Contractor License #1096233 • C-10 Electrical, C-39 Roofing, B-General Building

*Pricing & offer details vary by location & applicant.*

# TAKE CONTROL OF YOUR HEALTH!

PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW!



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

Gillson TRUCKING INC

# NOW HIRING

## TRUCK DRIVERS CLASS A CDL



- ✓ Signing Bonus
- ✓ Top pay
- ✓ Mileage Pay
- ✓ Great Benefits
- ✓ Over the Road or Local Routes
- ✓ Reefers and Dry Van Operations
- ✓ No touch freight



### SKILLS

- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES

- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY

- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT

FREIGHTLINER AND VOLVO 2020 AND PRESENT

RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR
APPLY NOW

HEALTH BENEFITS: Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH » gillsontrucking | company/gillsontrucking | www.teamgillson.com

# ਗੈਂਗਸਟਰਾਂ 'ਤੇ ਵਾਰ ਦਾ 183ਵਾਂ ਦਿਨ ਪੰਜਾਬ ਪੁਲਿਸ ਵੱਲੋਂ 718 ਥਾਈਂ ਛਾਪੇਮਾਰੀ: 446 ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਸੂਬੇ ਵਿੱਚ ਚੱਲ ਰਹੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਦੇ 183ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 718 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 183ਵੇਂ ਦਿਨ, ਪੁਲਿਸ ਟੀਮਾਂ ਨੇ ਪੰਜ ਹਥਿਆਰਾਂ ਸਮੇਤ 446 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 51,702 ਹੋ ਗਈਆਂ। ਇਸ ਤੋਂ ਇਲਾਵਾ 267 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 11 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਹਨ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 508ਵੇਂ ਦਿਨ ਵੀ ਜਾਰੀ ਰੱਖਦਿਆਂ, ਅੱਜ 111 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.1 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 299 ਨਸ਼ੀਲੀਆਂ ਗੋਲੀਆਂ ਅਤੇ 4600 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 508 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 74,372 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ ਪੰਜ ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# 5000 ਰੁਪਏ ਰਿਸ਼ਵਤ ਲੈਂਦਾ ਸੀਨੀਅਰ ਸਹਾਇਕ ਵਿਜੀਲੈਂਸ ਬਿਊਰੋ ਨੇ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਆਬਕਾਰੀ ਵਿਭਾਗ, ਜਲੰਧਰ ਵਿਖੇ ਤਾਇਨਾਤ ਸੀਨੀਅਰ ਸਹਾਇਕ ਸਤਨਾਮ ਸਿੰਘ ਨੂੰ 5000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਸਾਂਝੀ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਪਿੰਡ ਨਾਗਰਾ, ਤਹਿਸੀਲ ਫਿਲੌਰ , ਜ਼ਿਲ੍ਹਾ ਜਲੰਧਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਇੱਕ ਰੈਸਟੋਰੈਂਟ ਚਲਾਉਂਦਾ ਹੈ ਅਤੇ ਉਸਨੇ ਆਪਣੇ ਰੈਸਟੋਰੈਂਟ ਲਈ ਐਲ-5ਬੀ (ਡਰਾਫਟ ਬੀਅਰ/ਵਾਈਨ ਦਾ ਪ੍ਰਚੂਨ ਵਿਕਰੇਤਾ) ਲਾਇਸੈਂਸ ਲਈ ਆਨਲਾਈਨ ਅਰਜ਼ੀ ਦਿੱਤੀ ਸੀ। ਬੁਲਾਰੇ ਨੇ ਅੱਗੇ ਕਿਹਾ ਕਿ ਅਰਜ਼ੀ 'ਤੇ ਕਾਰਵਾਈ ਹੋਣ ਤੋਂ ਬਾਅਦ, ਜਲੰਧਰ ਜ਼ੋਨ ਦੇ ਕੁਲੈਕਟਰ-ਕਮ-ਡਿਪਟੀ ਕਮਿਸ਼ਨਰ (ਆਬਕਾਰੀ) ਨੇ ਸਬੰਧਤ ਅਧਿਕਾਰੀਆਂ ਨੂੰ ਪ੍ਰਸਤਾਵਿਤ ਲਾਇਸੈਂਸ ਸਬੰਧੀ ਲੋੜੀਂਦੀਆਂ ਰਿਪੋਰਟਾਂ ਅਤੇ ਇਤਰਾਜ਼ ਹੀਣਤਾ ਸਰਟੀਫਿਕੇਟ (ਐਨਓਸੀ) ਪ੍ਰਾਪਤ ਕਰਨ ਲਈ ਨਿਰਦੇਸ਼ ਜਾਰੀ ਕੀਤੇ। ਇਸ ਪ੍ਰਕਿਰਿਆ ਦੌਰਾਨ ਦੋਸ਼ੀ ਸੀਨੀਅਰ ਸਹਾਇਕ ਨੇ ਕਥਿਤ ਤੌਰ 'ਤੇ ਸ਼ਿਕਾਇਤਕਰਤਾ ਤੋਂ ਐਲ-5ਬੀ (ਡਰਾਫਟ ਬੀਅਰ/ਵਾਈਨ ਦਾ ਪ੍ਰਚੂਨ ਵਿਕਰੇਤਾ) ਲਾਇਸੈਂਸ ਜਾਰੀ ਕਰਨ ਸਬੰਧੀ ਪ੍ਰਕਿਰਿਆ ਲਈ 5000 ਰੁਪਏ ਦੀ ਰਿਸ਼ਵਤ ਮੰਗੀ ਅਤੇ ਪ੍ਰਾਪਤ ਕੀਤੀ। ਜ਼ਿਕਰਯੋਗ ਹੈ ਕਿ ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਸ਼ਿਕਾਇਤਕਰਤਾ ਰਿਸ਼ਵਤ ਜਾਂ ਕੋਈ ਹੋਰ ਗੈਰ-ਕਾਨੂੰਨੀ ਢੰਗ ਅਪਣਾਉਣ ਲਈ ਰਾਜ਼ੀ ਨਹੀਂ ਸੀ ਇਸ ਲਈ ਉਸਨੇ ਵੀਬੀ ਰੇਂਜ ਜਲੰਧਰ ਤੱਕ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਸੀਨੀਅਰ ਸਹਾਇਕ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 5000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਉਸਦੇ ਕਬਜ਼ੇ ਵਿੱਚੋਂ ਰਿਸ਼ਵਤ ਕੀ ਰਕਮ ਵੀ ਬਰਾਮਦ ਕੀਤੀ ਗਈ। ਇਸ ਸਬੰਧ ਵਿੱਚ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਓ.ਐਸ.ਡੀ ਸੁਖਵੀਰ ਸਿੰਘ ਨੇ ਪਿੰਡ ਮੀਮਸਾ ਵਿਖੇ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹਾਕੀ ਐਸਟ੍ਰੋਟਰਫ ਦਾ ਕੰਮ ਕਰਵਾਇਆ ਸ਼ੁਰੂ

ਧੂਰੀ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਪਿੰਡ ਮੀਮਸਾ ਵਿਖੇ ਕਰੀਬ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹਾਕੀ ਐਸਟ੍ਰੋਟਰਫ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਖੇਡ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਓ.ਐਸ.ਡੀ ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਉਦੇਸ਼ ਪੇਂਡੂ ਖੇਤਰਾਂ ਦੇ ਨੌਜਵਾਨਾਂ ਨੂੰ ਵੀ ਸ਼ਹਿਰਾਂ ਵਰਗੀਆਂ ਆਧੁਨਿਕ ਖੇਡ ਸਹੂਲਤਾਂ ਉਪਲਬਧ ਕਰਵਾਉਣਾ ਹੈ, ਤਾਂ ਜੋ ਉਹ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰ ਕੇ ਰਾਜ, ਦੇਸ਼ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਦਾ ਨਾਮ ਰੌਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਮੀਮਸਾ ਵਿਖੇ ਬਣਨ ਵਾਲਾ ਹਾਕੀ ਐਸਟ੍ਰੋਟਰਫ ਇਲਾਕੇ ਦੇ ਖਿਡਾਰੀਆਂ ਲਈ ਇੱਕ ਵੱਡੀ ਸੌਗਾਤ ਸਾਬਤ ਹੋਵੇਗਾ। ਇਸ ਨਾਲ ਨਾ ਸਿਰਫ਼ ਹਾਕੀ ਖੇਡ ਨੂੰ ਹੋਰ ਉਤਸ਼ਾਹ ਮਿਲੇਗਾ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਦੀ ਪ੍ਰੇਰਣਾ ਵੀ ਮਿਲੇਗੀ। ਓ.ਐਸ.ਡੀ ਸੁਖਵੀਰ ਸਿੰਘ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਨਿਰਧਾਰਤ ਸਮਾਂ-ਸੀਮਾ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕੀਤਾ ਜਾਵੇ ਤਾਂ ਜੋ ਖਿਡਾਰੀ ਜਲਦੀ ਤੋਂ ਜਲਦੀ ਇਸ ਸਹੂਲਤ ਦਾ ਲਾਭ ਲੈ ਸਕਣ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ ਸਮੇਤ ਪਿੰਡ ਦੀ ਪੰਚਾਇਤ ਦੇ ਨੁਮਾਇੰਦੇ, ਖੇਡ ਪ੍ਰੇਮੀ, ਨੌਜਵਾਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

Space available for Ad
Contact # +1 (209) 303-1260
Contact # +91 81463-20009




CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਪਸ਼ੂਆਂ ਦੀ ਸੁਰੱਖਿਅਤ ਆਵਾਜਾਈ ਲਈ ਪ੍ਰਧਾਨ ਮੰਤਰੀ ਦੇ ਫੌਰੀ ਦਖਲ ਦੀ ਲੋੜ: ਕੁਲਤਾਰ ਸਿੰਘ ਸੰਧਵਾਂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਰਾਜਸਥਾਨ ਵਿੱਚ ਚੱਲ ਰਹੇ ਅਨਿਯਮਿਤ ਮਾਨਸੂਨ ਸੰਕਟ ਦੇ ਸਬੰਧ ਵਿੱਚ ਅਰਧ-ਸਰਕਾਰੀ ਪੱਤਰ ਲਿਖਿਆ ਜਿਸ ਕਾਰਨ ਰਾਜ ਭਰ ਵਿੱਚ ਖੇਤੀਬਾੜੀ, ਫਸਲਾਂ ਅਤੇ ਪਸ਼ੂਧਨ ਪ੍ਰਭਾਵਿਤ ਹੋ ਰਹੇ ਹਨ, ਜਿਸ ਵਿੱਚ ਜੈਸਲਮੇਰ ਜ਼ਿਲ੍ਹੇ ਅਤੇ ਨੇੜੇ-ਤੇੜੇ ਦੇ ਅਰਧ-ਸੁੱਕੇ ਇਲਾਕਿਆਂ ਤੋਂ ਖਾਸ ਤੌਰ 'ਤੇ ਸੰਕਟ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਜਿਵੇਂ ਕਿ ਵੱਡੇ ਪੱਧਰ 'ਤੇ ਰਿਪੋਰਟ ਕੀਤੀ ਗਈ ਹੈ, 2026 ਦਾ ਮਾਨਸੂਨ ਕਾਫ਼ੀ ਦੇਰੀ ਨਾਲ ਆਇਆ ਹੈ, ਜਿਸਦੇ ਨਤੀਜੇ ਵਜੋਂ ਭਾਰਤ ਦੇ ਇੱਕ ਵੱਡੇ ਹਿੱਸੇ ਵਿੱਚ ਹਾਲ ਹੀ ਦੇ ਇਤਿਹਾਸ ਵਿੱਚ ਸਭ ਤੋਂ ਸੁੱਕੇ ਜੂਨ ਮਹੀਨਿਆਂ ਵਿੱਚੋਂ ਇੱਕ ਰਿਹਾ ਹੈ।

ਉਨ੍ਹਾਂ ਕਿਹਾ ਕਿ ਰਾਜਸਥਾਨ, ਖਾਸ ਕਰਕੇ ਜੈਸਲਮੇਰ ਅਤੇ ਬਾੜਮੇਰ ਦੇ ਖੁਸ਼ਕ ਤੇ ਸੁੱਕੇ ਜ਼ਿਲ੍ਹੇ ਬਹੁਤ ਜ਼ਿਆਦਾ ਪ੍ਰਭਾਵਿਤ ਹੋਏ ਹਨ। ਪਿਛਲੇ ਦੋ ਸਾਲਾਂ ਵਿੱਚ ਘੱਟ ਬਾਰਿਸ਼ ਕਾਰਨ ਚਾਰੇ ਅਤੇ ਪਾਣੀ ਦੀ ਭਾਰੀ ਕਮੀ ਹੋ ਗਈ ਹੈ, ਜਿਸ ਨਾਲ ਨਾਲ ਕੇਵਲ ਲੱਖਾਂ ਪਸ਼ੂਆਂ ਲਈ ਸਗੋਂ ਰੋਜ਼ੀ-ਰੋਟੀ ਲਈ ਖੇਤੀਬਾੜੀ ਅਤੇ ਪਸ਼ੂ ਪਾਲਣ 'ਤੇ ਨਿਰਭਰ ਲੋਕਾਂ ਲਈ ਵੱਡਾ ਖਤਰਾ ਪੈਦਾ ਹੋ ਗਿਆ ਹੈ। ਜੈਸਲਮੇਰ ਦੇ ਇਲਾਕੇ ਵਿੱਚ ਸਾਉਣੀ ਦੇ ਮੌਸਮ ਦੌਰਾਨ ਆਮ ਤੌਰ 'ਤੇ ਲਗਭਗ 7,00,000 ਹੈਕਟੇਅਰ ਵਿੱਚ ਬੀਜਾਈ ਹੁੰਦੀ ਹੈ, ਜੋ ਕਿ ਮਾਨਸੂਨ ਦੀ ਸੁਸਤ ਚਾਲ ਕਾਰਨ 1,00,000 ਹੈਕਟੇਅਰ ਤੱਕ ਡਿੱਗ ਗਈ ਹੈ। ਦੋਵਾਂ ਜ਼ਿਲ੍ਹਿਆਂ ਵਿੱਚ ਪਸ਼ੂਆਂ ਦੀ ਗਿਣਤੀ ਹੈਰਾਨ ਕਰਨ ਵਾਲੀ ਹੈ। ਬਹੁਤ ਸਾਰੇ ਪਸ਼ੂ ਪਹਿਲਾਂ ਹੀ ਮਰ ਗਏ ਹਨ ਅਤੇ ਪਿੰਡ ਵਾਸੀ ਪਸ਼ੂਆਂ ਨੂੰ ਛੱਡਣ ਲਈ ਮਜਬੂਰ ਹਨ ਕਿਉਂਕਿ ਉਹ ਉਨ੍ਹਾਂ ਨੂੰ ਖੁਆ-ਪਿਆ ਨਹੀਂ ਸਕਦੇ। ਮਾਨਸੂਨ ਸੰਕਟ ਕਾਰਨ ਚਰਵਾਹੇ ਭਾਈਚਾਰੇ



ਅਤੇ ਕਿਸਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।

ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਨਿਰਾਸ਼ਾ ਵਿੱਚ, ਰਾਜਸਥਾਨ ਦੇ ਕਿਸਾਨ ਆਪਣੇ ਪਸ਼ੂਆਂ ਨੂੰ ਚਰਾਉਣ ਅਤੇ ਅਸਥਾਈ ਤੌਰ 'ਤੇ ਪਨਾਹ ਦੇਣ ਲਈ ਪੰਜਾਬ ਦੇ ਕਿਸਾਨਾਂ ਕੋਲ ਪਹੁੰਚ ਕਰ ਰਹੇ ਹਨ। ਇਤਿਹਾਸਕ ਉਦਾਹਰਣਾਂ ਦਰਸਾਉਂਦੀਆਂ ਹਨ ਕਿ ਅਜਿਹੇ ਪ੍ਰਵਾਸ ਅਕਸਰ ਸੋਕੇ ਦੌਰਾਨ ਹੀ ਹੁੰਦੇ ਹਨ। ਪਰ ਹੁਣ, ਅਜਿਹੇ ਅੰਤਰ-ਰਾਜੀ ਪਸ਼ੂਆਂ ਦੀ ਆਵਾਜਾਈ ਨੂੰ 'ਪਸ਼ੂ ਤਸਕਰੀ' ਵਜੋਂ ਗਲਤ ਸਮਝਿਆ ਜਾ ਸਕਦਾ ਹੈ, ਜੋ ਸੰਭਾਵੀ ਤੌਰ 'ਤੇ ਉਨ੍ਹਾਂ ਨੂੰ ਹਿੰਸਕ ਚੌਕਸੀ ਜਾਂ ਅਖੌਤੀ 'ਮੌਬ ਲਿੰਚਿੰਗ' ਘਟਨਾਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਚਿੰਤਾ ਨੇ ਹਾਲ ਹੀ ਦੇ ਸਾਲਾਂ ਵਿੱਚ ਰਾਸ਼ਟਰੀ ਦੇ ਸਾਹਮਣੇ ਉੱਭਰੀ ਹੈ। ਇਹ ਡਰ ਮਾਨਵਤਾਵਾਦੀ ਕਾਰਵਾਈ ਨੂੰ ਕਮਜ਼ੋਰ ਕਰ ਰਿਹਾ ਹੈ। ਕਿਸਾਨ ਜੋ ਮਦਦ ਕਰਨਾ ਚਾਹੁੰਦੇ ਹਨ, ਪਿੱਛੇ ਹਟ ਰਹੇ ਹਨ ਅਤੇ ਪਸ਼ੂ ਪਾਲਕ ਅਜਿਹੀ ਸਥਿਤੀ ਵਿੱਚ ਫਸੇ ਹੋਏ ਹਨ - ਕਿ ਜਾਂ ਤਾਂ ਆਪਣੇ ਜਾਨਵਰਾਂ ਨੂੰ ਭੁੱਖੇ ਮਰਨ ਦੇਣ ਜਾਂ ਪਿੱਛੇ ਛੱਡਦੇ ਦੇਣ। ਉਨ੍ਹਾਂ ਦੇ ਪਸ਼ੂ ਸਿਰਫ਼ ਜਾਇਦਾਦ ਨਹੀਂ ਸਗੋਂ ਮਾਰੂਥਲ ਵਿੱਚ ਉਨ੍ਹਾਂ ਦੀ ਪਛਾਣ, ਆਰਥਿਕਤਾ ਅਤੇ ਜਿਉਣ ਦਾ ਵਸੀਲਾ ਹਨ। ਕੇਂਦਰ ਸਰਕਾਰ ਦੀਆਂ ਗਊ ਸੁਰੱਖਿਆ ਅਤੇ ਸੰਭਾਲ ਲਈ ਸ਼ਲਾਘਾਯੋਗ ਪਹਿਲਕਦਮੀਆਂ, ਜਿਸ ਵਿੱਚ 'ਰਾਸ਼ਟਰੀ ਗੋਕਲ ਮਿਸ਼ਨ' ਅਤੇ ਗਊਸ਼ਾਲਾਵਾਂ ਲਈ ਸਹਾਇਤਾ ਵਰਗੀਆਂ ਯੋਜਨਾਵਾਂ ਸ਼ਾਮਲ ਹਨ, ਨੇ ਦੇਸ਼ ਭਰ ਵਿੱਚ ਦੇਸੀ ਪਸ਼ੂਆਂ ਦੀਆਂ ਨਸਲਾਂ ਅਤੇ ਪਸ਼ੂ ਭਲਾਈ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਸ ਲਈ ਕੇਂਦਰ ਸਰਕਾਰ ਨੂੰ ਰਾਜਸਥਾਨ ਸਰਕਾਰ ਅਤੇ ਗੁਆਂਢੀ ਰਾਜ ਪੰਜਾਬ ਨਾਲ ਤਾਲਮੇਲ ਕਰਕੇ ਅਜਿਹੀਆਂ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਉਣਾ ਚਾਹੀਦਾ ਹੈ। ਇਸ ਨਾਲ ਸਮੇਂ ਸਿਰ ਰਾਹਤ ਪਹੁੰਚਾਉਣ ਵਿੱਚ ਮਦਦ ਮਿਲੇਗੀ ਅਤੇ ਪਸ਼ੂਆਂ ਦੀ ਆਵਾਜਾਈ/ਪ੍ਰਵਾਸ ਨੂੰ ਇੱਕ ਗੈਰ-ਕਾਨੂੰਨੀ ਗਤੀਵਿਧੀ ਵਜੋਂ ਉਭਾਰਨ ਜਾਂ ਕਿਸੇ ਗਲਤ ਬਿਰਤਾਂਤ ਸਿਰਜਣ ਨੂੰ ਰੋਕਿਆ ਜਾ ਸਕੇਗਾ। ਇਸ ਤਰ੍ਹਾਂ ਪਸ਼ੂਆਂ ਦੀ ਰੱਖਿਆ ਕੀਤੀ ਜਾ ਸਕੇਗੀ ਜੋ ਪੇਂਡੂ ਅਰਥਵਿਵਸਥਾ ਦੀ ਰੀੜ੍ਹ ਹਨ।

ਸਪੀਕਰ ਸੰਧਵਾਂ ਨੇ ਕੇਂਦਰ ਸਰਕਾਰ ਨੂੰ ਇਸ ਜ਼ਰੂਰੀ ਮਾਮਲੇ ਵੱਲ ਨਿੱਜੀ ਧਿਆਨ ਦੇਣ ਦੀ ਬੇਨਤੀ ਕੀਤੀ ਅਤੇ ਸਬੰਧਤ ਮੰਤਰੀਆਂ ਅਤੇ ਪ੍ਰਸ਼ਾਸਨ ਤੋਂ ਤੁਰੰਤ ਨਿਰਦੇਸ਼ਾਂ ਦੀ ਉਮੀਦ ਕੀਤੀ। ਸੰਕਟ ਨੂੰ ਵਧਣ ਤੋਂ ਰੋਕਣ, ਕਮਜ਼ੋਰ ਕਿਸਾਨ ਭਾਈਚਾਰਿਆਂ ਦੀ ਰੱਖਿਆ ਕਰਨ ਅਤੇ ਭਾਈਚਾਰਾ ਬਣਾਈ ਰੱਖਣ ਲਈ ਕੇਂਦਰ ਦੀ ਫੌਰੀ ਦਖਲ ਬਹੁਤ ਲੋੜ ਹੈ।

# ਅਮਨ ਅਰੋੜਾ ਵੱਲੋਂ ਲੋਕਾਂ ਦਾ ਭਰੋਸਾ ਬਣਾਈ ਰੱਖਣ ਲਈ ਪੁਖ਼ਤਾ ਡਾਟਾ ਸੁਰੱਖਿਆ ਪ੍ਰਣਾਲੀ ਯਕੀਨੀ ਬਣਾਉਣ 'ਤੇ ਜ਼ੋਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਮੰਤਰੀ ਅਮਨ ਅਰੋੜਾ ਨੇ ਅੱਜ ਪਾਰਦਰਸ਼ੀ ਅਤੇ ਸੁਰੱਖਿਅਤ ਡਿਜੀਟਲ ਸ਼ਾਸਨ ਯਕੀਨੀ ਬਣਾਉਣ ਦੇ ਮੱਦੇਨਜ਼ਰ ਸੂਬੇ ਦੇ ਸਮੂਹ ਸਰਕਾਰੀ ਵਿਭਾਗਾਂ ਵਿੱਚ ਪੁਖ਼ਤਾ ਡਾਟਾ ਸੁਰੱਖਿਆ ਪ੍ਰਣਾਲੀ ਸਥਾਪਤ ਕਰਨ ਦੀ ਫ਼ੌਰੀ ਲੋੜ 'ਤੇ ਜ਼ੋਰ ਦਿੱਤਾ। ਇੱਥੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਵਿਭਾਗ ਵੱਲੋਂ ਕਰਵਾਈ ਗਈ ''ਰਾਜ ਦੇ ਡਾਟਾ ਲਈ ਸਾਈਬਰ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨਾ" ਵਿਸ਼ੇ ਸਬੰਧੀ ਸੂਬਾ ਪੱਧਰੀ ਕੰਸਲਟੇਟਿਵ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਤਕਨਾਲੋਜੀ ਨੂੰ ਦੋਧਾਰੀ ਤਲਵਾਰ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਤਕਨਾਲੌਜੀ ਜਿੱਥੇ ਅਥਾਹ ਲਾਭ ਪ੍ਰਦਾਨ ਕਰਦੀ ਹੈ, ਉੱਥੇ ਇਸ ਨਾਲ ਜੁੜੇ ਗੰਭੀਰ ਖ਼ਤਰਿਆਂ ਦੇ ਮੱਦੇਨਜ਼ਰ ਡਾਟਾ ਦਾ ਸਮਝਦਾਰੀ ਨਾਲ ਪ੍ਰਬੰਧਨ ਕਰਨਾ ਵੀ ਬੇਹੱਦ ਜ਼ਰੂਰੀ ਹੈ। ਅਮਨ ਅਰੋੜਾ ਨੇ ਕਿਹਾ, "ਡਾਟਾ ਹੁਣ ਇੱਕ ਨਵੀਂ ਜਨਤਕ ਸੰਪਤੀ ਹੈ ਅਤੇ ਨਾਗਰਿਕਾਂ ਦੇ ਰਿਕਾਰਡਾਂ ਤੇ ਸਰਕਾਰੀ ਡਾਟਾਬੇਸ ਦੀ ਸੁਰੱਖਿਆ ਡਿਜੀਟਲ ਸ਼ਾਸਨ ਵਿੱਚ ਲੋਕਾਂ ਦਾ ਭਰੋਸਾ ਕਾਇਮ ਰੱਖਣ ਲਈ ਬੁਨਿਆਦੀ ਲੋੜ ਹੈ। ਪੰਜਾਬ ਸਮਾਜਿਕ ਭਲਾਈ ਸਕੀਮਾਂ, ਜ਼ਮੀਨੀ ਰਿਕਾਰਡਾਂ ਅਤੇ ਨਾਗਰਿਕ ਸੇਵਾਵਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਆਪਣਾ ਡਿਜੀਟਲ ਦਾਇਰਾ ਵਧਾ ਰਿਹਾ ਹੈ। ਇਸ ਲਈ ਆਪਣੇ ਡਿਜੀਟਲ ਸਿਸਟਮ ਨੂੰ ਸੁਰੱਖਿਅਤ ਕਰਨਾ ਅਤੇ ਡਿਜੀਟਲ ਪਰਸਨਲ ਡਾਟਾ ਪ੍ਰੋਟੈਕਸ਼ਨ (ਡੀ.ਪੀ.ਡੀ.ਪੀ) ਐਕਟ, 2023 ਜਿਹੇ ਕੌਮੀ ਢਾਂਚਿਆਂ ਦੀ ਪਾਲਣਾ ਯਕੀਨੀ ਬਣਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ ਹੈ।" ਕੈਬਨਿਟ ਮੰਤਰੀ ਨੇ ਕਿਹਾ ਕਿ ਜਦੋਂ ਵੀ ਕੋਈ ਆਮ ਨਾਗਰਿਕ ਸਰਕਾਰੀ ਦਫਤਰ ਵਿੱਚ ਜਾਂਦਾ ਹੈ ਜਾਂ ਜਨਤਕ ਸੇਵਾ ਦਾ ਲਾਭ ਲੈਣ ਲਈ ਕੋਈ ਫਾਰਮ ਭਰਦਾ ਹੈ ਤਾਂ ਉਹ ਪੂਰੇ ਭਰੋਸੇ ਨਾਲ ਆਪਣਾ ਨਿੱਜੀ ਡਾਟਾ ਸਾਂਝਾ ਕਰਦਾ ਹੈ ਕਿ ਉਸ ਦਾ ਡਾਟਾ ਸੁਰੱਖਿਅਤ ਰਹੇਗਾ। ਉਨ੍ਹਾਂ ਕਿਹਾ ਕਿ ਆਮ ਨਾਗਰਿਕ ਦੇ ਇਸ ਭਰੋਸੇ ਨੂੰ ਕਿਸੇ ਵੀ ਕੀਮਤ 'ਤੇ ਟੁੱਟਣ ਨਹੀਂ ਦਿੱਤਾ ਜਾ ਸਕਦਾ। ਉਨ੍ਹਾਂ ਵਿਭਾਗੀ ਅਧਿਕਾਰੀਆਂ ਨੂੰ ਇੱਕਜੁੱਟ ਟੀਮ ਵਜੋਂ ਕੰਮ ਕਰਨ, ਡੂੰਘਾ ਵਿਚਾਰ-ਵਟਾਂਦਰਾ ਕਰਨ ਅਤੇ ਉੱਭਰ



ਰਹੇ ਡਿਜੀਟਲ ਖ਼ਤਰਿਆਂ ਨਾਲ ਨਜਿੱਠਣ ਲਈ ਸੂਬੇ ਦੀਆਂ ਪ੍ਰਣਾਲੀਆਂ ਨੂੰ ਨਿਰੰਤਰ ਅਪਗ੍ਰੇਡ ਤੇ ਵਿਕਸਤ ਕਰਨ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਸਾਈਬਰ ਸੁਰੱਖਿਆ ਪ੍ਰੋਟੋਕੋਲ ਨੂੰ ਮਜ਼ਬੂਤ ਕਰਨ ਲਈ ਲੋੜੀਂਦੇ ਕਿਸੇ ਵੀ ਉਪਾਅ ਲਈ ਰਾਜ ਸਰਕਾਰ ਅਤੇ ਵਿਭਾਗ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਹ ਵਰਕਸ਼ਾਪ ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੌਜੀ ਮੰਤਰਾਲੇ ਵੱਲੋਂ ਜਾਰੀ ਸੰਕਲਪਿਤ ਢਾਂਚਿਆਂ ਦੇ ਅਨੁਸਾਰ ਕਰਵਾਈ ਗਈ ਜਿਸ ਦਾ ਉਦੇਸ਼ ਸੂਬਾ ਪੱਧਰ 'ਤੇ ਸਾਈਬਰ ਸੁਰੱਖਿਆ ਦੀ ਤਿਆਰੀ ਦਾ ਮੁਲਾਂਕਣ ਕਰਨਾ, ਅਹਿਮ ਡਾਟਾ ਸੰਪਤੀਆਂ ਦੀ ਪਛਾਣ ਕਰਨਾ ਅਤੇ ਆਗਾਮੀ ਕੌਮੀ ਵਿਭਾਗੀ ਸੰਮੇਲਨ ਲਈ ਸਿਫ਼ਾਰਸ਼ਾਂ ਤਿਆਰ ਕਰਨਾ ਸੀ।

ਇਸ ਤੋਂ ਪਹਿਲਾਂ ਆਪਣੇ ਸਵਾਗਤੀ ਭਾਸ਼ਣ ਦੌਰਾਨ ਡੀ.ਜੀ.ਜੀ.ਆਈ.ਟੀ. ਦੇ ਵਧੀਕ ਮੁੱਖ ਸਕੱਤਰ ਡਾ. ਡੀ.ਕੇ. ਤਿਵਾੜੀ ਨੇ ਪੰਜਾਬ ਦੇ ਡਿਜੀਟਲ ਬੁਨਿਆਦੀ ਢਾਂਚੇ ਵਿੱਚ ਇਸ ਸਮੇਂ ਲਾਗੂ ਸਟੇਟ ਡਾਟਾ ਸੈਂਟਰ ਅਤੇ ਸਟੇਟ ਵਾਈਡ ਏਰੀਆ ਨੈੱਟਵਰਕ ਜਿਹੇ ਤਕਨੀਕੀ ਅਤੇ ਕਾਰਜਕਾਰੀ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਇਕਜੁੱਟ ਸੁਰੱਖਿਆ ਪ੍ਰਣਾਲੀ ਦੀ ਲੋੜ 'ਤੇ ਜ਼ੋਰ ਦਿੰਦਿਆਂ ਸਾਰੇ ਸਰਕਾਰੀ ਵਿਭਾਗਾਂ ਨੂੰ 'ਸਕਿਊਰ-ਬਾਏ-ਡਿਜ਼ਾਈਨ' ਸਿਧਾਂਤ ਅਪਣਾਉਣ, ਨਿਯਮਤ ਤੌਰ 'ਤੇ ਕਮਜ਼ੋਰੀਆਂ ਦਾ ਮੁਲਾਂਕਣ ਕਰਨ ਅਤੇ ਮੁੱਖ ਸੂਚਨਾ ਸੁਰੱਖਿਆ ਅਧਿਕਾਰੀ ਨਿਯੁਕਤ ਕਰਨ ਦੀ ਅਪੀਲ ਕੀਤੀ।

ਵਰਕਸ਼ਾਪ ਦੌਰਾਨ ਨੈਸ਼ਨਲ ਈ-ਗਵਰਨੈਂਸ ਡਿਵੀਜ਼ਨ ਦੇ ਨੁਮਾਇੰਦਿਆਂ ਅਤੇ ਇੰਡੀਅਨ ਕੰਪਿਊਟਰ ਐਮਰਜੈਂਸੀ ਰਿਸਪਾਂਸ ਟੀਮ ਦੇ ਸਾਇੰਟਿਸਟ 'ਡੀ' ਡਾ. ਮਾਰਸ਼ਲ ਆਰ. ਵੱਲੋਂ ਤਕਨੀਕੀ ਪੇਸ਼ਕਾਰੀਆਂ ਅਤੇ ਵਿਸ਼ੇ ਨਾਲ ਸਬੰਧਤ ਸੈਸ਼ਨ ਕਰਵਾਏ ਗਏ। ਇਸ ਤੋਂ ਇਲਾਵਾ ਏਅਰਟੈਲ ਵੱਲੋਂ ਏ.ਆਈ. ਆਧਾਰਿਤ ਡਾਟਾ ਸੁਰੱਖਿਆ ਅਤੇ ਡਿਜੀਟਲ ਘੇਰੇ ਦੀ ਸੁਰੱਖਿਆ ਬਾਰੇ ਅਤੇ ਵੈਰੋਨਿਸ ਵੱਲੋਂ ਡੀ.ਪੀ.ਡੀ.ਪੀ. ਐਕਟ ਦੇ ਲਾਗੂਕਰਨ ਦੀ ਪਹੁੰਚ ਬਾਰੇ ਉਦਯੋਗਿਕ ਖੇਤਰ ਦੇ ਵਿਚਾਰ ਵੀ ਸਾਂਝੇ ਕੀਤੇ ਗਏ। ਸਟੇਟ ਈ-ਮਿਸ਼ਨ ਟੀਮ ਦੀ ਅਗਵਾਈ ਹੇਠ ਸਮਾਨਾਂਤਰ ਬ੍ਰੇਕਆਊਟ ਸੈਸ਼ਨਾਂ ਦੌਰਾਨ ਵੱਖ-ਵੱਖ ਰਾਜ ਵਿਭਾਗਾਂ ਦੇ ਨੁਮਾਇੰਦਿਆਂ ਵੱਲੋਂ ਜੋਖਮ-ਅਧਾਰਤ ਸੁਰੱਖਿਆ ਦਾ ਮੁਲਾਂਕਣ, ਸਮਰਪਿਤ ਸਟੇਟ ਸੀਐਸਆਈਆਰਟੀਜ਼ ਦੁਆਰਾ ਮੌਕੇ 'ਤੇ ਪ੍ਰਤੀਕਰਮ, ਲੈਗੇਸੀ ਐਪਲੀਕੇਸ਼ਨ ਆਧੁਨਿਕੀਕਰਨ, ਅਤੇ ਰਾਸ਼ਟਰੀ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਅਤੇ ਡਿਜੀਟਲ ਨਿੱਜੀ ਡਾਟਾ ਸੁਰੱਖਿਆ ਐਕਟ, 2023 ਨਾਲ ਇਕਸਾਰਤਾ ਸਬੰਧੀ ਮੁੱਖ ਰਾਸ਼ਟਰੀ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਵਰਕਸ਼ਾਪ ਦੌਰਾਨ ਸੰਕਲਿਤ ਰਣਨੀਤਕ ਉਪਾਅ ਅਤੇ ਜਾਣਕਾਰੀ ਨੂੰ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਵਿਭਾਗ ਦੁਆਰਾ ਇੱਕ ਵਿਆਪਕ ਸਟੇਟ ਰਿਪੋਰਟ ਵਿੱਚ ਤਿਆਰ ਕੀਤਾ ਜਾਵੇਗਾ ਅਤੇ ਨਵੀਂ ਦਿੱਲੀ ਵਿੱਚ ਹੋਣ ਵਾਲੇ ਆਗਾਮੀ ਰਾਸ਼ਟਰੀ ਵਿਭਾਗੀ ਸੰਮੇਲਨ ਵਿੱਚ ਪੰਜਾਬ ਦੀਆਂ ਸਿਫ਼ਾਰਸ਼ਾਂ ਨੂੰ ਦਰਸਾਉਣ ਲਈ ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੌਜੀ ਮੰਤਰਾਲੇ ਨੂੰ ਸੌਂਪਿਆ ਜਾਵੇਗਾ। ਇਸ ਵਰਕਸ਼ਾਪ ਵਿੱਚ ਡੀ.ਜੀ.ਜੀ.ਆਈ.ਟੀ. ਦੇ ਡਾਇਰੈਕਟਰ ਵਿਸ਼ੇਸ਼ ਸਾਰੰਗਲ, ਵਿਸ਼ੇਸ਼ ਸਕੱਤਰ ਗ੍ਰਹਿ ਪਰਮਿੰਦਰਪਾਲ ਸਿੰਘ, ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਸਕੱਤਰ ਦੀਪਾਂਕਰ ਗਰਗ ਅਤੇ ਸੂਬਾ ਸਰਕਾਰ ਦੇ ਹੋਰ ਸੀਨੀਅਰ ਅਧਿਕਾਰੀ ਵੀ ਸ਼ਾਮਲ ਸਨ।

Space available for Ad
Contact # +1 (209) 303-1260
Contact # +91 81463-20009


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

GHUMAN LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**




- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Pal Films Production
All Your Photo/Videography & Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਡਿਜ਼ਿਟਲ ਯੁੱਗ ਵਿੱਚ ਪੜ੍ਹਨ ਦੀ ਆਦਤ



SANJHI SOCH
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ

ਅੱਜੋਕਾ ਯੁੱਗ ਡਿਜ਼ਿਟਲ ਕ੍ਰਾਂਤੀ ਦਾ ਯੁੱਗ ਹੈ। ਸਮਾਰਟਫੋਨ, ਸੋਸ਼ਲ ਮੀਡੀਆ, ਆਰਟੀਫ਼ੀਸ਼ਲ ਇੰਟੈਲੀਜੈਂਸ ਅਤੇ ਮਨੋਰੰਜਨ ਦੇ ਅਨੇਕਾਂ ਡਿਜ਼ਿਟਲ ਸਾਧਨਾਂ ਨੇ ਮਨੁੱਖੀ ਜੀਵਨ ਨੂੰ ਬੇਹੱਦ ਆਸਾਨ ਬਣਾਇਆ ਹੈ। ਪਰ ਇਸ ਤਕਨੀਕੀ ਤਰੱਕੀ ਦੇ ਨਾਲ-ਨਾਲ ਇੱਕ ਅਜਿਹੀ ਕੀਮਤੀ ਆਦਤ ਵੀ ਹੌਲੀ-ਹੌਲੀ ਕਮਜ਼ੋਰ ਹੋ ਰਹੀ ਹੈ ਜਿਸ ਨੇ ਸਦੀਆਂ ਤੋਂ ਮਨੁੱਖੀ ਸਭਿਆਚਾਰ ਨੂੰ ਗਿਆਨ, ਵਿਵੇਕ ਅਤੇ ਤਰੱਕੀ ਦੀ ਰਾਹ ਦਿਖਾਈ ਹੈ। ਇਹ ਆਦਤ ਹੈ ਪੜ੍ਹਨ ਦੀ ਆਦਤ। ਪੜ੍ਹਨਾ ਕੇਵਲ ਅੱਖਰਾਂ ਨੂੰ ਪਛਾਣਨ ਦਾ ਕੰਮ ਨਹੀਂ, ਸਗੋਂ ਵਿਚਾਰਾਂ, ਤਜ਼ਰਬਿਆਂ ਅਤੇ ਗਿਆਨ ਦੇ ਵਿਸ਼ਾਲ ਸੰਸਾਰ ਵਿੱਚ ਪ੍ਰਵੇਸ਼ ਕਰਨ ਦਾ ਸਾਧਨ ਹੈ।

ਹਰ ਕਿਤਾਬ, ਹਰ ਲੇਖ ਅਤੇ ਹਰ ਪੰਨਾ ਸਾਨੂੰ ਨਵੇਂ ਵਿਚਾਰਾਂ ਨਾਲ ਜੋੜਦਾ ਹੈ। ਪੜ੍ਹਨ ਰਾਹੀਂ ਅਸੀਂ ਮਹਾਨ ਵਿਅਕਤੀਆਂ ਦੇ ਜੀਵਨ ਅਨੁਭਵਾਂ ਤੋਂ ਸਿੱਖਦੇ ਹਾਂ, ਉਨ੍ਹਾਂ ਦੀਆਂ ਸਫ਼ਲਤਾਵਾਂ ਅਤੇ ਗ਼ਲਤੀਆਂ ਨੂੰ ਸਮਝਦੇ ਹਾਂ ਅਤੇ ਆਪਣੇ ਜੀਵਨ ਨੂੰ ਸੁਖਾਵਾਂ ਬਣਾਉਣ ਦੀ ਪ੍ਰੇਰਣਾ ਲੈਂਦੇ ਹਾਂ। ਇਸੇ ਲਈ ਕਿਹਾ ਜਾਂਦਾ ਹੈ ਕਿ ਇੱਕ ਪਾਠਕ ਆਪਣੇ ਜੀਵਨ ਵਿੱਚ ਹਜ਼ਾਰਾਂ ਜ਼ਿੰਦਗੀਆਂ ਜੀ ਲੈਂਦਾ ਹੈ, ਜਦਕਿ ਜੋ ਨਹੀਂ ਪੜ੍ਹਦਾ, ਉਹ ਸਿਰਫ਼ ਇੱਕ ਹੀ ਜੀਵਨ ਤੱਕ ਸੀਮਿਤ ਰਹਿੰਦਾ ਹੈ। ਵਿਦਿਆਰਥੀ ਜੀਵਨ ਵਿੱਚ ਪੜ੍ਹਨ ਦੀ ਆਦਤ ਬੇਹੱਦ ਮਹੱਤਵਪੂਰਨ ਹੈ। ਨਿਯਮਿਤ ਪੜ੍ਹਨ ਨਾਲ ਸ਼ਬਦ-ਭੰਡਾਰ ਵੱਧਦਾ ਹੈ, ਭਾਸ਼ਾ 'ਤੇ ਪਕੜ ਮਜ਼ਬੂਤ ਹੁੰਦੀ ਹੈ, ਸਮਝਣ ਅਤੇ ਲਿਖਣ ਦੀ ਸਮਰੱਥਾ ਵਿਕਸਿਤ ਹੁੰਦੀ ਹੈ। ਇਹ ਯਾਦਦਾਸ਼ਤ, ਇਕਾਗਰਤਾ ਅਤੇ ਤਰਕਸ਼ੀਲ ਸੋਚ ਨੂੰ ਮਜ਼ਬੂਤ ਕਰਦੀ ਹੈ। ਪੜ੍ਹਨ ਵਾਲਾ ਵਿਦਿਆਰਥੀ ਕੇਵਲ ਪ੍ਰੀਖਿਆਵਾਂ ਵਿੱਚ ਹੀ ਨਹੀਂ, ਸਗੋਂ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਵਿੱਚ ਵੀ ਵਧੇਰੇ ਸਮਰੱਥ ਹੁੰਦਾ ਹੈ।

ਪੜ੍ਹਨ ਦੀ ਆਦਤ ਮਨੁੱਖੀ ਸ਼ਖ਼ਸੀਅਤ ਨੂੰ ਨਿਖਾਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀ ਹੈ। ਵੱਖ-ਵੱਖ ਦੇਸ਼ਾਂ, ਸਭਿਆਚਾਰਾਂ ਅਤੇ ਵਿਚਾਰਧਾਰਾਵਾਂ ਨਾਲ ਜਾਣ-ਪਛਾਣ ਸਾਡੇ ਅੰਦਰ ਸਹਿਣਸ਼ੀਲਤਾ, ਹਮਦਰਦੀ ਅਤੇ ਵਿਸ਼ਾਲ ਸੋਚ ਪੈਦਾ ਕਰਦੀ ਹੈ। ਮਹਾਨ ਵਿਗਿਆਨੀਆਂ, ਆਗੂਆਂ, ਸਾਹਿਤਕਾਰਾਂ ਅਤੇ ਸਮਾਜ ਸੁਧਾਰਕਾਂ ਦੀਆਂ ਜੀਵਨੀਆਂ ਸਾਨੂੰ ਮਿਹਨਤ, ਇਮਾਨਦਾਰੀ, ਹਿੰਮਤ ਅਤੇ ਅਨੁਸ਼ਾਸਨ ਵਰਗੇ ਗੁਣ ਅਪਣਾਉਣ ਲਈ ਪ੍ਰੇਰਿਤ ਕਰਦੀਆਂ ਹਨ।

ਵਿਗਿਆਨਕ ਖੋਜਾਂ ਇਹ ਵੀ ਸਾਬਤ ਕਰਦੀਆਂ ਹਨ ਕਿ ਪੜ੍ਹਨ ਨਾਲ ਦਿਮਾਗ਼ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਹੁੰਦਾ ਹੈ। ਇਹ ਨਿਊਰਲ ਸੰਪਰਕਾਂ ਨੂੰ ਮਜ਼ਬੂਤ ਕਰਦਾ ਹੈ, ਯਾਦਦਾਸ਼ਤ ਨੂੰ ਸੁਚੱਜਾ ਬਣਾਉਂਦਾ ਹੈ ਅਤੇ ਵੱਧਦੀ ਉਮਰ ਨਾਲ ਹੋਣ ਵਾਲੀ ਮਾਨਸਿਕ ਕਮਜ਼ੋਰੀ ਨੂੰ ਘਟਾਉਣ ਵਿੱਚ ਸਹਾਇਕ ਹੁੰਦਾ ਹੈ। ਇਸ ਤੋਂ ਇਲਾਵਾ, ਪੜ੍ਹਨਾ ਤਣਾਅ ਨੂੰ ਘਟਾਉਣ ਅਤੇ ਮਨ ਨੂੰ ਸ਼ਾਂਤੀ ਪ੍ਰਦਾਨ ਕਰਨ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਵੀ ਹੈ।

ਪੇਸ਼ੇਵਰ ਜੀਵਨ ਵਿੱਚ ਵੀ ਪੜ੍ਹਨ ਦੀ ਮਹੱਤਤਾ ਘੱਟ ਨਹੀਂ। ਅੱਜ ਹਰ ਖੇਤਰ ਵਿੱਚ ਗਿਆਨ ਲਗਾਤਾਰ ਬਦਲ ਰਿਹਾ ਹੈ। ਡਾਕਟਰ, ਇੰਜੀਨੀਅਰ, ਅਧਿਆਪਕ, ਵਕੀਲ, ਵਿਗਿਆਨੀ, ਪ੍ਰਸ਼ਾਸਨਿਕ ਅਧਿਕਾਰੀ ਅਤੇ ਉਦਯੋਗਪਤੀ ਸਾਰੇ ਆਪਣੇ ਗਿਆਨ ਨੂੰ ਨਵੀਨਤਮ ਬਣਾਈ ਰੱਖਣ ਲਈ ਪੜ੍ਹਨ 'ਤੇ ਨਿਰਭਰ ਹਨ। ਜੋ ਵਿਅਕਤੀ ਨਿਯਮਿਤ ਪੜ੍ਹਦਾ ਹੈ, ਉਹ ਵਧੀਆ ਸੰਚਾਰਕ, ਦੂਰਦਰਸ਼ੀ ਨੇਤਾ ਅਤੇ ਰਚਨਾਤਮਕ ਚਿੰਤਕ ਬਣਦਾ ਹੈ।

ਦੁੱਖ ਦੀ ਗੱਲ ਇਹ ਹੈ ਕਿ ਅੱਜ ਦੇ ਨੌਜਵਾਨਾਂ ਵਿੱਚ ਪੜ੍ਹਨ ਦੀ ਆਦਤ ਘਟਦੀ ਜਾ ਰਹੀ ਹੈ। ਸੋਸ਼ਲ ਮੀਡੀਆ ਦੀਆਂ ਲਗਾਤਾਰ ਸੂਚਨਾਵਾਂ, ਛੋਟੀਆਂ ਵੀਡੀਓਜ਼ ਅਤੇ ਡਿਜ਼ਿਟਲ ਮਨੋਰੰਜਨ ਨੇ ਧਿਆਨ ਕੇਂਦਰਿਤ ਕਰਨ ਦੀ ਸਮਰੱਥਾ ਨੂੰ ਪ੍ਰਭਾਵਿਤ ਕੀਤਾ ਹੈ। ਬਹੁਤ ਸਾਰੇ ਲੋਕ ਘੰਟਿਆਂ ਮੋਬਾਈਲ ਸਕਰੀਨ 'ਤੇ ਸਮਾਂ ਬਿਤਾ ਦਿੰਦੇ ਹਨ, ਪਰ ਕੁਝ ਸਫ਼ੇ ਪੜ੍ਹਨ ਲਈ ਵੀ ਸਮਾਂ ਨਹੀਂ ਕੱਢਦੇ। ਇਹ ਰੁਝਾਨ ਡੂੰਘੀ ਸੋਚ ਅਤੇ ਗੰਭੀਰ ਸਿੱਖਣ ਦੀ ਪ੍ਰਕਿਰਿਆ ਨੂੰ ਕਮਜ਼ੋਰ ਕਰਦਾ ਹੈ।

ਡਿਜ਼ਿਟਲ ਤਕਨੀਕ ਲਾਭਦਾਇਕ ਹੈ, ਪਰ ਇਹ ਕਿਤਾਬਾਂ ਦਾ ਬਦਲ ਨਹੀਂ ਬਣ ਸਕਦੀ। ਪੜ੍ਹਨ ਦੀ ਆਦਤ ਵਿਕਸਿਤ ਕਰਨਾ ਕੋਈ ਮੁਸ਼ਕਲ ਕੰਮ ਨਹੀਂ। ਜੇਕਰ ਹਰ ਰੋਜ਼ ਸਿਰਫ਼ 20 ਤੋਂ 30 ਮਿੰਟ ਪੜ੍ਹਨ ਲਈ ਨਿਰਧਾਰਤ ਕੀਤੇ ਜਾਣ ਤਾਂ ਕੁਝ ਹੀ ਮਹੀਨਿਆਂ ਵਿੱਚ ਇਸਦੇ ਸਕਾਰਾਤਮਕ ਨਤੀਜ਼ੇ ਦਿਖਾਈ ਦੇਣ ਲੱਗਦੇ ਹਨ। ਆਪਣੀ ਰੁਚੀ ਅਨੁਸਾਰ ਕਿਤਾਬਾਂ ਦੀ ਚੋਣ, ਘਰ ਵਿੱਚ ਇੱਕ ਛੋਟੀ ਲਾਇਬ੍ਰੇਰੀ ਬਣਾਉਣਾ, ਜਨਤਕ ਪੁਸਤਕਾਲਿਆਂ ਦੀ ਵਰਤੋਂ, ਪੁਸਤਕ ਚਰਚਾਵਾਂ ਅਤੇ ਪੁਸਤਕ ਮੇਲਿਆਂ ਵਿੱਚ ਭਾਗ ਲੈਣਾ ਇਸ ਆਦਤ ਨੂੰ ਹੋਰ ਮਨੋਰੰਜਕ ਬਣਾ ਸਕਦਾ ਹੈ। ਮਾਪਿਆਂ ਅਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਵਿੱਚ ਬਚਪਨ ਤੋਂ ਹੀ ਪੜ੍ਹਨ ਦਾ ਸ਼ੌਕ ਪੈਦਾ ਕਰਨ।

ਪੁਸਤਕਾਲੇ ਕਿਸੇ ਵੀ ਗਿਆਨਵਾਨ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਇੱਕ ਚੰਗਾ ਪੁਸਤਕਾਲਾ ਹਰ ਵਰਗ ਦੇ ਵਿਅਕਤੀ ਨੂੰ ਕਿਤਾਬਾਂ, ਅਖ਼ਬਾਰਾਂ, ਰਸਾਲਿਆਂ ਅਤੇ ਡਿਜ਼ਿਟਲ ਸਰੋਤਾਂ ਤੱਕ ਸਮਾਨ ਪਹੁੰਚ ਪ੍ਰਦਾਨ ਕਰਦਾ ਹੈ। ਸਕੂਲਾਂ, ਕਾਲਜਾਂ ਅਤੇ ਵਿਦਿਅਕ ਸੰਸਥਾਵਾਂ ਨੂੰ ਪੜ੍ਹਨ ਦੀ ਸੰਸਕ੍ਰਿਤੀ ਨੂੰ ਉਤਸ਼ਾਹਿਤ ਕਰਨ ਲਈ ਪੁਸਤਕ ਮੇਲੇ, ਪਾਠਨ ਮੁਹਿੰਮਾਂ, ਸਾਹਿਤਕ ਮੁਕਾਬਲੇ ਅਤੇ ਲੇਖਕਾਂ ਨਾਲ ਰੂਬਰੂ ਪ੍ਰੋਗਰਾਮ ਨਿਯਮਿਤ ਤੌਰ 'ਤੇ ਆਯੋਜਿਤ ਕਰਨੇ ਚਾਹੀਦੇ ਹਨ। ਅਸਲ ਵਿੱਚ ਪੜ੍ਹਨ ਦੀ ਆਦਤ ਸਿਰਫ਼ ਇੱਕ ਸ਼ੌਕ ਨਹੀਂ, ਸਗੋਂ ਜੀਵਨ ਭਰ ਸਿੱਖਣ ਦੀ ਬੁਨਿਆਦ ਹੈ। ਇਹ ਮਨੁੱਖ ਨੂੰ ਜਾਗਰੂਕ, ਸੰਵੇਦਨਸ਼ੀਲ, ਜ਼ਿੰਮੇਵਾਰ ਅਤੇ ਦੂਰਦਰਸ਼ੀ ਬਣਾਉਂਦੀ ਹੈ। ਜੋ ਸਮਾਜ ਪੜ੍ਹਦਾ ਹੈ, ਉਹ ਤਰੱਕੀ ਕਰਦਾ ਹੈ; ਜਦਕਿ ਜੋ ਸਮਾਜ ਕਿਤਾਬਾਂ ਤੋਂ ਦੂਰ ਹੋ ਜਾਂਦਾ ਹੈ, ਉਹ ਭਰਮ, ਅਗਿਆਨਤਾ ਅਤੇ ਅਧੂਰੀਆਂ ਜਾਣਕਾਰੀਆਂ ਦਾ ਸ਼ਿਕਾਰ ਬਣ ਜਾਂਦਾ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਅਸੀਂ ਡਿਜ਼ਿਟਲ ਯੁੱਗ ਦੇ ਲਾਭਾਂ ਨੂੰ ਅਪਣਾਉਂਦੇ ਹੋਏ ਵੀ ਕਿਤਾਬਾਂ ਨਾਲ ਆਪਣਾ ਰਿਸ਼ਤਾ ਕਾਇਮ ਰੱਖੀਏ। ਹਰ ਘਰ ਵਿੱਚ ਇੱਕ ਛੋਟੀ ਲਾਇਬ੍ਰੇਰੀ ਹੋਵੇ, ਹਰ ਸਕੂਲ ਵਿੱਚ ਪਾਠਨ ਸੰਸਕ੍ਰਿਤੀ ਨੂੰ ਉਤਸ਼ਾਹ ਮਿਲੇ ਅਤੇ ਹਰ ਨੌਜਵਾਨ ਆਪਣੇ ਦਿਨ ਦਾ ਕੁਝ ਸਮਾਂ ਪੜ੍ਹਨ ਲਈ ਜ਼ਰੂਰ ਰਾਖਵਾਂ ਰੱਖੇ। ਇਹੀ ਆਦਤ ਗਿਆਨਵਾਨ, ਸੰਵੇਦਨਸ਼ੀਲ ਅਤੇ ਪ੍ਰਗਤੀਸ਼ੀਲ ਭਾਰਤ ਦੀ ਨੀਂਹ ਬਣੇਗੀ। ਇੱਕ ਚੰਗੀ ਕਿਤਾਬ ਕੇਵਲ ਵਿਅਕਤੀ ਦੀ ਸੋਚ ਹੀ ਨਹੀਂ ਬਦਲਦੀ, ਸਗੋਂ ਇੱਕ ਪਰਿਵਾਰ, ਇੱਕ ਸਮਾਜ ਅਤੇ ਆਖ਼ਰਕਾਰ ਇੱਕ ਰਾਸ਼ਟਰ ਦੀ ਦਿਸ਼ਾ ਵੀ ਬਦਲ ਸਕਦੀ ਹੈ। ਇਸ ਲਈ ਆਓ, ਪੜ੍ਹਨ ਦੀ ਆਦਤ ਨੂੰ ਮੁੜ ਆਪਣੇ ਜੀਵਨ ਦਾ ਅਟੁੱਟ ਹਿੱਸਾ ਬਣਾਈਏ।







SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments, For any Disease, at any Age Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899    (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**





# RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

## Kirandeep Kaur

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED






ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਭੁੱਖ ਘੱਟ, ਸਿਹਤ 'ਤੇ ਵੱਡਾ ਅਸਰ
# ਵੱਧਦੀ ਉਮਰ ਦੀ ਇੱਕ ਅਣਡਿੱਠੀ ਸਮੱਸਿਆ

ਵੱਧਦੀ ਉਮਰ ਆਪਣੇ ਨਾਲ ਕਈ ਸਰੀਰਕ, ਮਾਨਸਿਕ ਅਤੇ ਸਮਾਜਿਕ ਤਬਦੀਲੀਆਂ ਲਿਆਉਂਦੀ ਹੈ। ਇਨ੍ਹਾਂ ਵਿੱਚੋਂ ਇੱਕ ਮਹੱਤਵਪੂਰਨ ਪਰ ਅਕਸਰ ਅਣਡਿੱਠੀ ਰਹਿ ਜਾਣ ਵਾਲੀ ਸਮੱਸਿਆ ਹੈ ਭੁੱਖ ਦਾ ਘੱਟ ਹੋ ਜਾਣਾ। ਬਹੁਤ ਸਾਰੇ ਲੋਕ ਇਸ ਨੂੰ ਬੁਢਾਪੇ ਦਾ ਆਮ ਹਿੱਸਾ ਸਮਝ ਕੇ ਨਜ਼ਰਅੰਦਾਜ਼ ਕਰ ਦਿੰਦੇ ਹਨ, ਪਰ ਲੰਬੇ ਸਮੇਂ ਤੱਕ ਭੁੱਖ ਘੱਟ ਰਹਿਣਾ ਸਰੀਰ ਵਿੱਚ ਪੋਸ਼ਕ ਤੱਤਾਂ ਦੀ ਕਮੀ, ਕਮਜ਼ੋਰੀ ਅਤੇ ਕਈ ਗੰਭੀਰ ਸਿਹਤ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ। ਇਸ ਲਈ ਇਹ ਜਾਣਨਾ ਬਹੁਤ ਜ਼ਰੂਰੀ ਹੈ ਕਿ ਉਮਰ ਵੱਧਣ ਨਾਲ ਭੁੱਖ ਕਿਉਂ ਘੱਟ ਹੁੰਦੀ ਹੈ ਅਤੇ ਇਸ ਨੂੰ ਕਿਵੇਂ ਸੁਧਾਰਿਆ ਜਾ ਸਕਦਾ ਹੈ।

## ਉਮਰ ਦੇ ਨਾਲ ਭੁੱਖ ਕਿਉਂ ਘੱਟ ਹੋ ਜਾਂਦੀ ਹੈ?

ਉਮਰ ਵੱਧਣ ਨਾਲ ਸਰੀਰ ਦਾ ਮੈਟਾਬੋਲਿਜ਼ਮ ਹੌਲੀ ਹੋ ਜਾਂਦਾ ਹੈ, ਜਿਸ ਕਾਰਨ ਸਰੀਰ ਨੂੰ ਪਹਿਲਾਂ ਨਾਲੋਂ ਘੱਟ ਊਰਜਾ ਦੀ ਲੋੜ ਹੁੰਦੀ ਹੈ। ਨਤੀਜੇ ਵਜੋਂ ਭੁੱਖ ਵੀ ਘੱਟ ਲੱਗਦੀ ਹੈ। ਇਸ ਤੋਂ ਇਲਾਵਾ, ਸਵਾਦ ਅਤੇ ਸੁਗੰਧ ਮਹਿਸੂਸ ਕਰਨ ਦੀ ਸਮਰੱਥਾ ਵੀ ਘਟਣ ਲੱਗਦੀ ਹੈ, ਜਿਸ ਨਾਲ ਖਾਣਾ ਪਹਿਲਾਂ ਜਿੰਨਾ ਆਕਰਸ਼ਕ ਨਹੀਂ ਲੱਗਦਾ। ਦੰਦਾਂ ਜਾਂ ਮਸੂੜਿਆਂ ਦੀਆਂ ਸਮੱਸਿਆਵਾਂ, ਚੱਬਣ ਜਾਂ ਨਿਗਲਣ ਵਿੱਚ ਮੁਸ਼ਕਲ, ਪਚਣ ਸੰਬੰਧੀ ਤਕਲੀਫ਼ਾਂ ਅਤੇ ਕਈ ਲੰਬੇ ਸਮੇਂ ਵਾਲੀਆਂ ਬਿਮਾਰੀਆਂ—ਜਿਵੇਂ ਸ਼ੂਗਰ, ਦਿਲ ਦੇ ਰੋਗ, ਗੁਰਦੇ ਦੀ ਬਿਮਾਰੀ, ਕੈਂਸਰ, ਡਿਪ੍ਰੈਸ਼ਨ ਜਾਂ ਡਿਮੈਂਸ਼ੀਆ—ਵੀ ਭੁੱਖ ਘੱਟ ਕਰਨ ਦੇ ਕਾਰਨ ਬਣ ਸਕਦੀਆਂ ਹਨ। ਕੁਝ ਦਵਾਈਆਂ ਦੇ ਸਾਈਡ ਇਫੈਕਟ ਵੀ ਭੁੱਖ 'ਤੇ ਅਸਰ ਪਾਂਦੇ ਹਨ।

## ਭੁੱਖ ਘੱਟ ਹੋਣ ਦੇ ਨੁਕਸਾਨ

ਜੇਕਰ ਸਰੀਰ ਨੂੰ ਲੋੜ ਅਨੁਸਾਰ ਪੋਸ਼ਣ ਨਾ ਮਿਲੇ ਤਾਂ ਪ੍ਰੋਟੀਨ, ਵਿਟਾਮਿਨ ਅਤੇ ਖਣਿਜ ਤੱਤਾਂ ਦੀ ਕਮੀ ਹੋਣ ਲੱਗਦੀ ਹੈ। ਇਸ ਨਾਲ ਵਜ਼ਨ ਘਟਦਾ ਹੈ, ਮਾਸਪੇਸ਼ੀਆਂ ਕਮਜ਼ੋਰ ਹੋ ਜਾਂਦੀਆਂ ਹਨ ਅਤੇ ਰੋਗਾਂ ਨਾਲ ਲੜਨ ਦੀ ਸਮਰੱਥਾ ਘਟਦੀ ਹੈ।

ਇਸ ਦੇ ਨਾਲ-ਨਾਲ ਡਿੱਗਣ ਅਤੇ ਹੱਡੀਆਂ ਟੁੱਟਣ ਦਾ ਖ਼ਤਰਾ ਵਧ ਜਾਂਦਾ ਹੈ, ਜ਼ਖ਼ਮ ਦੇਰ ਨਾਲ ਭਰਦੇ ਹਨ ਅਤੇ ਸਰੀਰ ਬਿਮਾਰੀਆਂ ਤੋਂ ਠੀਕ ਹੋਣ ਵਿੱਚ ਵੱਧ ਸਮਾਂ ਲੈਂਦਾ ਹੈ। ਮਾੜਾ ਪੋਸ਼ਣ ਯਾਦਦਾਸ਼ਤ, ਧਿਆਨ ਅਤੇ ਮਾਨਸਿਕ ਸਿਹਤ 'ਤੇ ਵੀ ਨਕਾਰਾਤਮਕ ਪ੍ਰਭਾਵ ਪਾ ਸਕਦਾ ਹੈ।

## ਕਿਹੜੇ ਸੰਕੇਤਾਂ ਨੂੰ ਨਜ਼ਰਅੰਦਾਜ਼ ਨਾ ਕਰੋ?

ਜੇਕਰ ਕਿਸੇ ਬਜ਼ੁਰਗ ਦਾ ਬਿਨਾਂ ਕਾਰਨ ਵਜ਼ਨ ਲਗਾਤਾਰ ਘਟ ਰਿਹਾ ਹੋਵੇ, ਉਹ ਕਈ ਦਿਨਾਂ ਤੱਕ ਢੰਗ ਨਾਲ ਭੋਜਨ ਨਾ ਕਰੇ, ਬਹੁਤ ਕਮਜ਼ੋਰ ਮਹਿਸੂਸ ਕਰੇ ਜਾਂ ਪਾਣੀ ਵੀ ਘੱਟ ਪੀ ਰਿਹਾ ਹੋਵੇ, ਤਾਂ ਇਸ ਨੂੰ ਸਿਰਫ਼ ਉਮਰ ਦਾ ਪ੍ਰਭਾਵ ਸਮਝ ਕੇ ਨਜ਼ਰਅੰਦਾਜ਼ ਨਾ ਕਰੋ। ਸਮੇਂ ਸਿਰ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ।

## ਭੁੱਖ ਵਧਾਉਣ ਲਈ ਕੀ ਕੀਤਾ ਜਾਵੇ?

ਦਿਨ ਵਿੱਚ ਤਿੰਨ ਵੱਡੇ ਖਾਣਿਆਂ ਦੀ ਬਜਾਏ 5-6 ਛੋਟੇ ਅਤੇ ਪੌਸ਼ਟਿਕ ਭੋਜਨ ਦਿਓ।

ਖੁਰਾਕ ਵਿੱਚ ਦਾਲਾਂ, ਦੁੱਧ, ਦਹੀਂ, ਪਨੀਰ, ਅੰਡੇ, ਫਲ, ਹਰੀਆਂ ਸਬਜ਼ੀਆਂ ਅਤੇ ਸਾਬਤ ਅਨਾਜ ਸ਼ਾਮਲ ਕਰੋ।

ਭੋਜਨ ਨੂੰ ਸੁਆਦਲਾ, ਰੰਗ-ਬਰੰਗਾ ਅਤੇ ਆਕਰਸ਼ਕ ਬਣਾਓ।

ਪਾਣੀ ਅਤੇ ਹੋਰ ਤਰਲ ਪਦਾਰਥਾਂ ਦੀ ਪੂਰੀ ਮਾਤਰਾ ਲਵਾਓ।

ਰੋਜ਼ਾਨਾ ਹਲਕੀ ਸੈਰ ਜਾਂ ਕਸਰਤ ਭੁੱਖ ਵਧਾਉਣ ਵਿੱਚ ਮਦਦ ਕਰਦੀ ਹੈ।

ਪਰਿਵਾਰ ਨਾਲ ਇਕੱਠੇ ਬੈਠ ਕੇ ਖਾਣਾ ਖਾਣ ਨਾਲ ਵੀ ਖਾਣ ਦੀ ਇੱਛਾ ਵਧਦੀ ਹੈ।

ਦੰਦਾਂ ਦੀ ਨਿਯਮਿਤ ਜਾਂਚ ਕਰਵਾਓ ਅਤੇ ਜੇਕਰ ਕੋਈ ਦਵਾਈ ਭੁੱਖ ਘੱਟ ਕਰ ਰਹੀ ਹੋਵੇ ਤਾਂ ਡਾਕਟਰ ਨਾਲ ਸਲਾਹ ਕਰੋ।

## ਪਰਿਵਾਰ ਦੀ ਅਹਿਮ ਭੂਮਿਕਾ

ਬਜ਼ੁਰਗਾਂ ਦੀ ਸਿਹਤ ਸੰਭਾਲ ਵਿੱਚ ਪਰਿਵਾਰ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਨੂੰ ਪਿਆਰ ਅਤੇ ਸਤਿਕਾਰ ਨਾਲ ਖਾਣ ਲਈ ਪ੍ਰੇਰਿਤ ਕਰੋ। ਉਨ੍ਹਾਂ ਦੀ ਪਸੰਦ ਅਨੁਸਾਰ ਪੌਸ਼ਟਿਕ ਭੋਜਨ ਤਿਆਰ ਕਰੋ ਅਤੇ ਉਨ੍ਹਾਂ ਨੂੰ ਇਕੱਲੇਪਨ ਤੋਂ ਬਚਾਉਣ ਦੀ ਕੋਸ਼ਿਸ਼ ਕਰੋ। ਕਈ ਵਾਰ ਭਾਵਨਾਤਮਕ ਸਹਾਰਾ ਹੀ ਭੁੱਖ ਅਤੇ ਸਿਹਤ ਦੋਵਾਂ ਵਿੱਚ ਸੁਧਾਰ ਲਿਆਉਂਦਾ ਹੈ।

## ਸਿੱਟਾ

ਵੱਧਦੀ ਉਮਰ ਵਿੱਚ ਭੁੱਖ ਦਾ ਘੱਟ ਹੋਣਾ ਹਮੇਸ਼ਾਂ ਆਮ ਗੱਲ ਨਹੀਂ ਹੁੰਦੀ। ਕਈ ਵਾਰ ਇਹ ਕਿਸੇ ਗੰਭੀਰ ਬਿਮਾਰੀ ਦਾ ਸ਼ੁਰੂਆਤੀ ਸੰਕੇਤ ਵੀ ਹੋ ਸਕਦਾ ਹੈ। ਸਮੇਂ ਸਿਰ ਪਛਾਣ, ਸੰਤੁਲਿਤ ਖੁਰਾਕ, ਨਿਯਮਿਤ ਕਸਰਤ ਅਤੇ ਪਰਿਵਾਰ ਦਾ ਸਹਿਯੋਗ ਬਜ਼ੁਰਗਾਂ ਨੂੰ ਲੰਬੇ ਸਮੇਂ ਤੱਕ ਤੰਦਰੁਸਤ, ਸਰਗਰਮ ਅਤੇ ਖੁਦਮੁਖਤਿਆਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਚੰਗਾ ਪੋਸ਼ਣ ਹੀ ਤੰਦਰੁਸਤ ਅਤੇ ਸਨਮਾਨਪੂਰਣ ਬੁਢਾਪੇ ਦੀ ਸਭ ਤੋਂ ਮਜ਼ਬੂਤ ਨੀਂਹ ਹੈ।







SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com





ਬਰਜਿੰਦਰ ਕੌਰ ਬਿਸਰਾਓ
99889-01324

# ਬੱਚਿਆਂ ਵਿੱਚ ਮੋਬਾਈਲ ਦਾ ਰੁਝਾਨ ਕਿਵੇਂ ਘਟਾਈਏ?

ਅੱਜ ਦੇ ਟੈਕਨੋਲੋਜੀ ਦਾ ਯੁੱਗ ਵਿੱਚ ਸਮਾਰਟਫ਼ੋਨ ਮਨੁੱਖੀ ਜ਼ਿੰਦਗੀ ਦਾ ਅਟੁੱਟ ਹਿੱਸਾ ਬਣ ਚੁੱਕਿਆ ਹੈ। ਪੜ੍ਹਾਈ ਲਈ, ਕਿਸੇ ਵੀ ਜਾਣਕਾਰੀ ਲਈ, ਬੈਂਕਿੰਗ ਲਈ, ਖ਼ਰੀਦਦਾਰੀ ਲਈ ਅਤੇ ਸੰਚਾਰ ਦੇ ਸਾਧਨ ਵਜੋਂ ਮਤਲਬ ਕਿ ਹਰ ਕੰਮ ਮੋਬਾਈਲ ਰਾਹੀਂ ਹੋਣ ਲੱਗਿਆ ਹੈ। ਪਰ ਜਿੱਥੇ ਇਸ ਦੇ ਅਨੇਕਾਂ ਫ਼ਾਇਦੇ ਹਨ, ਉੱਥੇ ਇਸ ਦੀ ਬੇਲੋੜੀ ਅਤੇ ਬੇਹੱਦ ਵਰਤੋਂ ਬਹੁਤ ਖਤਰਨਾਕ ਸਿੱਧ ਹੋ ਰਹੀ ਹੈ। ਖ਼ਾਸ ਕਰਕੇ ਬੱਚਿਆਂ ਵਿੱਚ ਮੋਬਾਈਲ ਦੀ ਵਰਤੋਂ ਇੱਕ ਗੰਭੀਰ ਸਮਾਜਿਕ ਚਿੰਤਾ ਦਾ ਵਿਸ਼ਾ ਬਣਦੀ ਜਾ ਰਹੀ ਹੈ। ਅੱਜ ਬਹੁਤ ਸਾਰੇ ਬੱਚੇ ਖੇਡ ਦੇ ਮੈਦਾਨਾਂ ਵਿੱਚ ਖੇਡਣ ਨਾਲੋਂ ਮੋਬਾਈਲ ਦੀ ਸਕ੍ਰੀਨ 'ਤੇ ਜ਼ਿਆਦਾ ਸਮਾਂ ਬਿਤਾਉਣਾ ਪਸੰਦ ਕਰਦੇ ਹਨ। ਜਿਸ ਕਰਕੇ ਉਨ੍ਹਾਂ ਦੀ ਸਿਹਤ, ਪੜ੍ਹਾਈ, ਸਮਾਜਿਕ ਵਿਵਹਾਰ ਅਤੇ ਮਾਨਸਿਕ ਵਿਕਾਸ ਵੀ ਪ੍ਰਭਾਵਿਤ ਹੋ ਰਿਹਾ ਹੈ।

ਇਹ ਸੋਚਣ ਵਾਲੀ ਗੱਲ ਹੈ ਕਿ ਕੀ ਸੱਚਮੁੱਚ ਬੱਚੇ ਆਪ ਮੋਬਾਈਲ ਦੇ ਆਦੀ ਬਣੇ ਹਨ ਜਾਂ ਅਸੀਂ ਵੱਡੇ ਉਨ੍ਹਾਂ ਨੂੰ ਇਸ ਪਾਸੇ ਲੈ ਕੇ ਆਏ ਹਾਂ? ਮਾਂਵਾਂ ਵੱਲੋਂ ਜਦੋਂ ਛੋਟੇ ਬੱਚੇ ਨੂੰ ਖਾਣਾ ਖੁਆਉਣ ਲਈ ਮੋਬਾਈਲ ਫੜਾ ਦਿੱਤਾ ਜਾਂਦਾ ਹੈ, ਬੱਚੇ ਨੂੰ ਰੋਣ ਤੋਂ ਚੁੱਪ ਕਰਵਾਉਣ ਦਾ ਸਭ ਤੋਂ ਆਸਾਨ ਤਰੀਕਾ ਮੋਬਾਈਲ ਬਣ ਜਾਂਦਾ ਹੈ, ਤਾਂ ਹੌਲੀ-ਹੌਲੀ ਉਹ ਇਸ ਦੇ ਆਦੀ ਹੋ ਜਾਂਦੇ ਹਨ ਤੇ ਇਸ ਤੋਂ ਬਿਨਾਂ ਰਹਿਣਾ ਹੀ ਭੁੱਲ ਜਾਂਦਾ ਹੈ। ਜੇ ਇਸ ਦੀ ਲਤ ਵੱਡਿਆਂ ਨੇ ਲਾਈ ਹੈ ਤਾਂ ਇਸ ਲਈ ਹੱਲ ਵੀ ਪਰਿਵਾਰ ਤੋਂ ਹੀ ਸ਼ੁਰੂ ਹੁੰਦਾ ਹੈ। ਬੱਚਿਆਂ ਨੂੰ ਰੋਕਣ ਟੋਕਣ ਦੀ ਬਜਾਏ ਸਭ ਤੋਂ ਪਹਿਲਾਂ ਮਾਪਿਆਂ ਨੂੰ ਆਪਣੇ ਵਿਹਾਰ ਵਿੱਚ ਤਬਦੀਲੀ ਲਿਆਉਣੀ ਪਵੇਗੀ। ਬੱਚੇ ਵੱਡਿਆਂ ਵੱਲੋਂ ਦਿੱਤੇ ਗਏ ਉਪਦੇਸ਼ਾਂ ਤੇ ਘੱਟ ਅਮਲ ਕਰਦੇ ਹਨ ਬਲਕਿ ਉਸ ਨਾਲੋਂ ਵੱਧ ਉਹ ਆਪਣੇ ਘਰ ਦਾ ਮਾਹੌਲ ਦੇਖ ਕੇ ਸਿੱਖਦੇ ਹਨ। ਜੇ ਮਾਪੇ ਆਪ ਹੀ ਹਰ ਵੇਲੇ ਮੋਬਾਈਲ ਵਿੱਚ ਰੁੱਝੇ ਰਹਿਣਗੇ ਤਾਂ ਬੱਚਿਆਂ ਤੋਂ ਇਸ ਦੀ ਘੱਟ ਵਰਤੋਂ ਦੀ ਉਮੀਦ ਕਰਨੀ ਔਖੀ ਹੈ। ਜਦੋਂ ਸਾਰਾ ਪਰਿਵਾਰ ਇਕੱਠੇ ਬੈਠੇ ਤਾਂ ਕੁਝ ਸਮਾਂ ਆਪਣੇ ਆਪਣੇ ਮੋਬਾਈਲ ਪਾਸੇ ਰੱਖ ਕੇ ਆਪਸ ਵਿੱਚ ਗੱਲਬਾਤ ਕਰਨੀ ਚਾਹੀਦੀ ਹੈ। ਪਰਿਵਾਰ ਦੀਆਂ ਛੋਟੀਆਂ-ਛੋਟੀਆਂ ਗੱਲਾਂ, ਵੱਡਿਆਂ ਦੇ ਬੀਤੇ ਸਮੇਂ ਦੀਆਂ ਹੱਡ ਬੀਤੀਆਂ ਦੇ ਕਿੱਸੇ, ਮਾਪਿਆਂ ਦੇ ਬਚਪਨ ਦੀਆਂ ਕਹਾਣੀਆਂ, ਓਹਨਾਂ ਦੇ ਸਕੂਲ ਸਮੇਂ ਦੇ ਦੋਸਤਾਂ ਮਿੱਤਰਾਂ ਜਾਂ ਅਧਿਆਪਕਾਂ ਬਿਤਾਏ ਪਲ,ਹਾਸੇ-ਮਜ਼ਾਕ ਅਤੇ ਸਾਂਝੇ ਪਲ ਬੱਚਿਆਂ ਨੂੰ ਸਕ੍ਰੀਨ ਨਾਲੋਂ ਕਿਤੇ ਵੱਧ ਦਿਲਚਸਪ ਲੱਗਦੇ ਹਨ।

ਇਸ ਤੋਂ ਇਲਾਵਾ ਬੱਚਿਆਂ ਨੂੰ ਖੁੱਲ੍ਹੇ ਮੈਦਾਨਾਂ ਨਾਲ ਜੋੜਨਾ ਵੀ ਬਹੁਤ ਜ਼ਰੂਰੀ ਹੈ। ਬੱਚਿਆਂ ਨੂੰ ਰਵਾਇਤੀ ਖੇਡਾਂ ਬਾਰੇ ਦੱਸਣਾ ਤੇ ਓਹਨਾਂ ਨਾਲ਼ ਜੋੜਨਾ ਵੀ ਬਹੁਤ ਜ਼ਰੂਰੀ ਹੈ। ਕਬੱਡੀ, ਫੁੱਟਬਾਲ, ਕ੍ਰਿਕਟ, ਬੈਡਮਿੰਟਨ, ਸਾਈਕਲ ਚਲਾਉਣਾ, ਰੱਸਾ ਟੱਪਣਾ ਜਾਂ ਸਧਾਰਨ ਦੌੜ-ਭੱਜ ਆਦਿ ਸਿਰਫ਼ ਖੇਡਾਂ ਹੀ ਨਹੀਂ, ਸਗੋਂ ਸਰੀਰਕ ਅਤੇ ਮਾਨਸਿਕ ਵਿਕਾਸ ਦੇ ਸਾਧਨ ਹਨ। ਇਹ ਵੀ ਵੇਖਣ ਵਿੱਚ ਆਇਆ ਹੈ ਕਿ ਜਿਹੜਾ ਬੱਚਾ ਸ਼ਾਮ ਨੂੰ ਦੋ ਘੰਟੇ ਮੈਦਾਨ ਵਿੱਚ ਖੇਡ ਕੇ ਆਉਂਦਾ ਹੈ, ਉਹ ਮੋਬਾਈਲ ਲਈ ਘੱਟ ਜ਼ਿੱਦ ਕਰਦਾ ਹੈ। ਬੱਚਿਆਂ ਵਿੱਚ ਪੜ੍ਹਨ ਦੀ ਆਦਤ ਵੀ ਮੋਬਾਈਲ ਦੀ ਖਿੱਚ ਘਟਾਉਣ ਦਾ ਸਭ ਵਧੀਆ ਤਰੀਕਾ ਹੈ। ਉਮਰ ਅਨੁਸਾਰ ਕਹਾਣੀਆਂ, ਜੀਵਨੀਆਂ, ਵਿਗਿਆਨ, ਕੁਦਰਤ ਅਤੇ ਬਾਲ ਸਾਹਿਤ ਦੀਆਂ ਕਿਤਾਬਾਂ ਬੱਚਿਆਂ ਦੀ ਕਲਪਨਾ ਨੂੰ ਨਵੀਂ ਉਡਾਣ ਦਿੰਦੀਆਂ ਹਨ। ਜੇ ਘਰ ਵਿੱਚ ਇੱਕ ਛੋਟਾ ਜਿਹਾ ਪੁਸਤਕ-ਕੋਨਾ ਜਾਂ ਲਾਇਬ੍ਰੇਰੀ ਬਣਾ ਲਈ ਜਾਵੇ ਤੇ ਮਾਪੇ ਆਪ ਵੀ ਰੋਜ਼ਾਨਾ ਉੱਥੇ ਬੈਠ ਕੇ ਕਿਤਾਬਾਂ ਪੜ੍ਹਨ ਤਾਂ ਬੱਚੇ ਆਪਣੇ ਆਪ ਉਸ ਪਾਸੇ ਰੁਚੀ ਲੈਣ ਲੱਗਦੇ ਹਨ। ਉਹ ਵੀ ਮਾਪਿਆਂ ਵਾਂਗ ਜ਼ਰੂਰ ਕੁਛ ਸਮਾਂ ਬੈਠ ਕੇ ਆਪਣੀ ਪਸੰਦ ਦਾ ਪੜ੍ਹਦੇ ਨਜ਼ਰ ਆਉਣਗੇ।

ਰਚਨਾਤਮਕ ਅਤੇ ਕਲਾਤਮਕ ਗਤੀਵਿਧੀਆਂ ਬੱਚਿਆਂ ਦੀ ਊਰਜਾ ਨੂੰ ਸਹੀ ਦਿਸ਼ਾ ਦਿੰਦੀਆਂ ਹਨ। ਚਿੱਤਰਕਾਰੀ, ਸੰਗੀਤ, ਨਾਚ, ਕਵਿਤਾ, ਨਾਟਕ, ਬਾਗਬਾਨੀ, ਹੱਥਾਂ ਨਾਲ ਛੋਟੀਆਂ-ਛੋਟੀਆਂ ਚੀਜ਼ਾਂ ਬਣਾਉਣਾ ਜਾਂ ਘਰ ਦੇ ਕੰਮਾਂ ਵਿੱਚ ਸਹਿਯੋਗ ਦੇਣਾ, ਰਸੋਈ ਵਿੱਚ ਬੱਚਿਆਂ ਦੇ ਸਵਾਦ ਦੀਆਂ ਚੀਜ਼ਾਂ ਉਹਨਾਂ ਦੇ ਸਹਿਯੋਗ ਨਾਲ ਤਿਆਰ ਕਰਨਾ ਆਦਿ ਗੱਲਾਂ ਵੀ ਬੱਚਿਆਂ ਨੂੰ ਆਪਣੇ ਵੱਲ ਆਕਰਸ਼ਿਤ ਕਰਦੀਆਂ ਹਨ ਤੇ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਾਉਂਦੀਆਂ ਹਨ ਅਤੇ ਸਕ੍ਰੀਨ 'ਤੇ ਨਿਰਭਰਤਾ ਘਟਾਉਂਦੀਆਂ ਹਨ।

ਮੋਬਾਈਲ ਦੀ ਵਰਤੋਂ ਲਈ ਘਰ ਵਿੱਚ ਬਿਲਕੁਲ ਸਪੱਸ਼ਟ ਨਿਯਮ ਬਣਾਉਣੇ ਚਾਹੀਦੇ ਹਨ ਜਿਸ ਦਾ ਪਾਲਣ ਕਰਨ ਲਈ ਸਭ ਨੂੰ ਜ਼ਰੂਰੀ ਹੋਣਾ ਚਾਹੀਦਾ ਹੈ। ਖਾਣਾ ਖਾਂਦੇ ਸਮੇਂ, ਪੜ੍ਹਾਈ ਵੇਲੇ ਅਤੇ ਸੌਣ ਤੋਂ ਪਹਿਲਾਂ ਮੋਬਾਈਲ ਦੀ ਵਰਤੋਂ ਨਾ ਹੋਵੇ। ਬੱਚਿਆਂ ਨੂੰ ਇਹ ਨਿਯਮ ਸਜ਼ਾ ਵਜੋਂ ਨਹੀਂ, ਸਗੋਂ ਉਨ੍ਹਾਂ ਦੀ ਭਲਾਈ ਲਈ ਸਮਝਾਏ ਜਾਣ ਤੇ ਕੋਸ਼ਿਸ਼ ਕੀਤੀ ਜਾਵੇ ਕਿ ਵੱਡੇ ਵੀ ਉਸ ਸਮੇਂ ਆਪ ਵਰਤੋਂ ਨਾ ਕਰਨ। ਜਦੋਂ ਨਿਯਮ ਸਾਰੇ ਪਰਿਵਾਰ 'ਤੇ ਇਕਸਾਰ ਲਾਗੂ ਹੁੰਦੇ ਹਨ ਤਾਂ ਬੱਚੇ ਵੀ ਉਨ੍ਹਾਂ ਨੂੰ ਆਸਾਨੀ ਨਾਲ ਸਵੀਕਾਰ ਕਰ ਲੈਂਦੇ ਹਨ।

ਮੋਬਾਈਲ ਫ਼ੋਨ ਦੀ ਅਧਿਕ ਵਰਤੋਂ ਨੂੰ ਰੋਕਣ ਲਈ ਸਕੂਲਾਂ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਹੈ। ਅਧਿਆਪਕ ਬੱਚਿਆਂ ਨੂੰ ਡਿਜ਼ਿਟਲ ਸੰਤੁਲਨ ਬਾਰੇ ਜਾਗਰੂਕ ਕਰਨ, ਖੇਡਾਂ, ਭਾਸ਼ਣ, ਸੱਭਿਆਚਾਰਕ ਗਤੀਵਿਧੀਆਂ ਅਤੇ ਪੁਸਤਕ ਮੇਲਿਆਂ ਰਾਹੀਂ ਉਨ੍ਹਾਂ ਦੀਆਂ ਦਿਲਚਸਪੀਆਂ ਨੂੰ ਵਧਾਉਣ ਤਾਂ ਇਸ ਦਾ ਨਤੀਜਾ ਸਾਰਥਕ ਹੋਵੇਗਾ। ਬੱਚਿਆਂ ਉੱਪਰ ਮਾਪਿਆਂ ਨਾਲੋਂ ਜ਼ਿਆਦਾ ਅਧਿਆਪਕਾਂ ਦੀਆਂ ਗੱਲਾਂ ਦਾ ਅਸਰ ਜ਼ਿਆਦਾ ਅਤੇ ਛੇਤੀ ਹੁੰਦਾ ਹੈ। ਜਦੋਂ ਸਕੂਲ ਅਤੇ ਪਰਿਵਾਰ ਇੱਕੋ ਦਿਸ਼ਾ ਵਿੱਚ ਕੰਮ ਕਰਦੇ ਹਨ ਤਾਂ ਨਤੀਜੇ ਵਧੀਆ ਨਿਕ਼ਲਦੇ ਹਨ। ਬੱਚਿਆਂ ਨੂੰ ਇਹ ਵੀ ਅਹਿਸਾਸ ਕਰਵਾਉਂਦੇ ਰਹਿਣਾ ਚਾਹੀਦਾ ਹੈ ਕਿ ਮੋਬਾਈਲ ਪੂਰੀ ਤਰ੍ਹਾਂ ਬੁਰਾ ਨਹੀਂ ਹੈ। ਕਿਉਂ ਕਿ ਜੇ ਅਸੀਂ ਕਿਸੇ ਚੀਜ਼ ਨੂੰ ਇੱਕ ਬੁਰਾਈ ਸਮਝ ਕੇ ਰੋਕਣਾ ਚਾਹੁੰਦੇ ਹਾਂ ਤਾਂ ਉਸ ਦਾ ਪ੍ਰਭਾਵ ਨਾਕਾਰਾਤਮਕ ਤਰੀਕੇ ਨਾਲ ਪੈਂਦਾ ਹੈ। ਉਹਨਾਂ ਨੂੰ ਉਸ ਦੇ ਗੁਣ ਦੱਸ ਕੇ ਉਸ ਦੀ ਸਹੀ ਸਮੇਂ ਅਤੇ ਸਹੀ ਉਦੇਸ਼ ਲਈ ਇਸ ਦੀ ਵਰਤੋਂ ਦੇ ਲਾਭ ਦੱਸਣੇ ਚਾਹੀਦੇ ਹਨ ।

ਸਮੱਸਿਆ ਉਦੋਂ ਪੈਦਾ ਹੁੰਦੀ ਹੈ ਜਦੋਂ ਮਨੋਰੰਜਨ, ਖੇਡ, ਦੋਸਤੀ ਅਤੇ ਸਿੱਖਣ ਦਾ ਇੱਕੋ-ਇੱਕ ਸਾਧਨ ਮੋਬਾਈਲ ਬਣ ਜਾਂਦਾ ਹੈ। ਇਸ ਲਈ ਬੱਚਿਆਂ ਨੂੰ ਮੋਬਾਈਲ ਤੋਂ ਦੂਰ ਕਰਨ ਦੀ ਥਾਂ ਉਨ੍ਹਾਂ ਨੂੰ ਇਸ ਦੀ ਸੰਤੁਲਿਤ ਅਤੇ ਜ਼ਿੰਮੇਵਾਰ ਵਰਤੋਂ ਸਿਖਾਉਣੀ ਚਾਹੀਦੀ ਹੈ।

ਅਖੀਰ ਵਿੱਚ ਇਹੀ ਕਿਹਾ ਜਾ ਸਕਦਾ ਹੈ ਕਿ ਬੱਚਿਆਂ ਵਿੱਚ ਮੋਬਾਈਲ ਦਾ ਰੁਝਾਨ ਡਾਂਟ ਕੇ ਜਾਂ ਜ਼ਬਰਦਸਤੀ ਨਾਲ ਨਹੀਂ ਸਗੋਂ ਪਿਆਰ, ਸਮਝਦਾਰੀ ਅਤੇ ਚੰਗੇ ਵਿਕਲਪ ਦੇ ਕੇ ਘਟਾਇਆ ਜਾ ਸਕਦਾ ਹੈ। ਜੇ ਅਸੀਂ ਉਨ੍ਹਾਂ ਨੂੰ ਪਰਿਵਾਰ ਦਾ ਸਾਥ, ਖੇਡਾਂ ਦੀ ਖੁਸ਼ੀ, ਕਿਤਾਬਾਂ ਦਾ ਗਿਆਨ, ਕੁਦਰਤ ਦੀ ਨੇੜਤਾ ਅਤੇ ਆਪਣਾ ਸਮਾਂ ਦੇਵਾਂਗੇ ਤਾਂ ਮੋਬਾਈਲ ਦੀ ਚਮਕ ਆਪਣੇ ਆਪ ਫਿੱਕੀ ਪੈ ਜਾਵੇਗੀ।

ਅਸਲ ਵਿੱਚ ਬੱਚਿਆਂ ਨੂੰ ਮੋਬਾਈਲ ਤੋਂ ਨਹੀਂ, ਇਕੱਲੇਪਣ ਤੋਂ ਬਚਾਉਣ ਦੀ ਲੋੜ ਹੈ। ਜਿੱਥੇ ਪਰਿਵਾਰ ਦਾ ਪਿਆਰ, ਆਪਸੀ ਸੰਵਾਦ ਅਤੇ ਸਾਂਝ ਹੋਵੇਗੀ, ਉੱਥੇ ਮੋਬਾਈਲ ਦੀ ਪਕੜ ਆਪਣੇ ਆਪ ਕਮਜ਼ੋਰ ਪੈ ਜਾਵੇਗੀ। ਬੱਚਿਆਂ ਨੂੰ ਮੋਬਾਈਲ ਨਹੀਂ, ਮੁੱਲਾਂ ਅਤੇ ਮੌਕਿਆਂ ਨਾਲ ਜੋੜਨ ਦੀ ਲੋੜ ਹੈ।



WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# ਡਰਾਈਵਰ ਦੀ ਜ਼ਿੰਦਗੀ ਦੇ 2 ਸਭ ਤੋਂ ਵੱਡੇ ਦੁਸ਼ਮਣ ਕੌਣ?
## ਕਾਗਜ਼ ਤੇ ਘਾਣ ਦਾ ਇਨਵੌਇਸ!



# ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ **Traki** ਨਾਲ.

INVOICE $

**ਕਾਗਜ਼ ਸੰਭਾਲੋ**
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

**ਇਨਵੌਇਸ ਬਣਾਓ**
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.

**ਕਮਾਈ ਵਧਾਓ**
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

## ਅੱਜ ਹੀ ਸ਼ੁਰੂ ਕਰੋ!

**3 ਦਿਨ ਦਾ ਮੁਫ਼ਤ TRIAL ਮਿਲੇਗਾ!**

ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

**ਟਾਈਮ ਬਚਾਓ**
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

**ਗਲਤੀ ਘੱਟ**
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

**ਆਫਲਾਈਨ ਕੰਮ**
ਇੰਟਰਨੈੱਟ ਬਿਨ੍ਹਾਂ ਵੀ ਸਭ ਕੁਝ ਚੱਲਦਾ.

**ਸਭ ਕੁਝ ਇੱਕ ਜਗ੍ਹਾ**
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

**TRAKI**
ਡਰਾਈਵਰ ਦਾ ਅਸਲੀ ਯਾਰ.


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# ਕੁਦਰਤ ਨਾਲ ਖਿਲਵਾੜ

ਹਰਾ ਭਰਾ ਦਰਖ਼ਤ ਕੱਟ ਕੇ ਅਸੀਂ
ਕਾਗ਼ਜ਼ 'ਤੇ "ਵਿਕਾਸ" ਲਿਖ ਦਿੱਤਾ,
ਨਦੀਆਂ ਨੂੰ ਨਲਕੇ ਬਣਾ ਦਿੱਤਾ,
ਤੇ ਬੱਦਲਾਂ ਤੋਂ ਮੀਂਹ ਮੰਗਣ ਲੱਗ ਪਏ।
ਪੰਛੀਆਂ ਦਾ ਆਲ੍ਹਣਾ ਉਜਾੜ ਕੇ
ਫਲੈਟਾਂ 'ਚ "ਸੁੱਖ" ਖਰੀਦ ਲਿਆ,
ਮਿੱਟੀ ਦੀ ਖੁਸ਼ਬੂ ਭੁੱਲ ਕੇ
ਏ.ਸੀ. ਦੀ ਹਵਾ ਨੂੰ "ਚੈਨ" ਕਹਿ ਦਿੱਤਾ।
ਕੀੜੀ-ਕੀੜੇ ਨੂੰ ਪੈਰਾਂ ਹੇਠਾਂ ਕੁਚਲ ਕੇ
"ਤਰੱਕੀ" ਦੇ ਨਾਅਰੇ ਲਾਏ,
ਧਰਤੀ ਮਾਂ ਨੂੰ ਜ਼ਖ਼ਮੀ ਕਰਕੇ
ਦਵਾਈਆਂ ਦੀ ਫੈਕਟਰੀ ਖੋਲ੍ਹ ਲਈ।
ਯਾਦ ਰੱਖੋ ਦਰਵੇਸ਼ੋ...
ਕੁਦਰਤ ਰੁੱਸੀ ਤਾਂ ਅੰਮ੍ਰਿਤ ਵੀ ਜ਼ਹਿਰ ਬਣ ਜਾਣਾ,
ਜਿਸ ਥਾਲੀ 'ਚ ਖਾਧਾ ਉਸੇ 'ਚ ਮੋਰਾ ਕਰਨਾ,
ਇਹ ਮਨੁੱਖ ਦੀ ਸਭ ਤੋਂ ਵੱਡੀ ਭੁੱਲ ਬਣ ਜਾਣਾ।

**ਸੁਰਜੀਤ ਕੌਰ ਸਾਰੰਗ**

# ਮੈਂ ਅੱਜ ਰੋਵਾਂ

ਮੈਂ ਅੱਜ ਰੋਵਾਂ ਤੇ ਦੁਹਾਈ ਦੇਵਾਂ
ਕਿਸੇ ਨੂੰ ਕੋਈ ਪਿਆਰ ਨਾ ਕਰੇ।
ਮੈਨੂੰ ਮਿਲਿਆ ਸੱਜਣ ਹਰਜਾਈ
ਕਿਸੇ ਨੂੰ ਕੋਈ ਪਿਆਰ ਨਾ ਕਰੇ।
ਉੱਚੇ ਜਿਹੇ ਕੱਦ ਤੇ ਮੈਂ ਡੁੱਲ ਗਿਆ।
ਉਹਦੇ ਨੈਣਾਂ ਦੀ ਖੁਮਾਰੀ ਤੇ ਘੁੱਲ ਗਿਆ।
ਉਹਦੇ ਲਾਰਿਆਂ ਤੇ ਉਮਰ ਲੰਘਾਈ।
ਮੈਂ ਤੇ ਉਮੀਦਾਂ ਵਾਲੀ ਡੋਰ ਉਸ ਨੇ ਤੋੜੀ
ਰੁਖ ਬਰਬਾਦੀ ਵੱਲ ਸਾਡੀ ਉਸ ਮੋੜੀ
ਮੈਨੂੰ ਛੱਡ ਗਿਆ ਸ਼ੁਦਾਈ।
ਉਮਰਾਂ ਦੇ ਰਾਹੀਂ ਨੇ ਵੀਰਾਨੀਆਂ ਉਦਾਸੀਆਂ
ਹਰ ਵਕਤ ਉਸ ਦੇ ਦੀਦ ਦੀਆਂ ਅੱਖੀਆਂ ਪਿਆਸੀਆਂ
ਮੇਰੇ ਪੱਲੇ ਪਾਈ ਉਹਨੇ ਤਨਹਾਈ।
ਉਡੀਕਾਂ ਹੀ ਉਡੀਕਾਂ ਵਿਚ ਮੇਰੀ ਜਿੰਦ ਮੁਕ ਜਾਣੀ
ਆਖ਼ਰੀ ਸਾਹਾਂ ਨੇ ਦੁਆਰ ਮੇਰੀ ਮੱਲੀ
ਦੇ ਜਾ ਤੂੰ ਸਾਰੰਗ ਨੂੰ ਵਿਦਾਈ ਆਖ਼ਰੀ
ਕੋਈ ਕਿਸੇ ਨੂੰ ਪਿਆਰ ਨਾ ਕਰੇ।

**ਸੁਰਜੀਤ ਕੌਰ ਸਾਰੰਗ**

LARRY T. NIERMEYER
Attorney at Law



OFFERING SERVICES IN THE FOLLOWING AREAS



1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation



PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।